ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 1 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੧੮ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਚਮੋਲੀ-ਬਦਰੀਨਾਥ ਹਾਈਵੇਅ ’ਤੇ ਵੱਡਾ ਹਾਦਸਾ

# ਬਰਫ ’ਚ ਦੱਬੇ 57 ਮਜ਼ਦੂਰ

**ਦੇਹਰਾਦੂਨ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਉਤਰਾਖੰਡ ਦੇ ਚਮੋਲੀ ਬਦਰੀਨਾਥ ਹਾਈਵੇਅ ’ਤੇ ਕੰਮ ਕਰ ਰਹੇ ਮਜ਼ਦੂਰ ਬਰਫ਼ ਹੇਠਾਂ ਦੱਬੇ ਹੋਏ ਹਨ। ਪਿਛਲੇ ਕੁਝ ਦਿਨਾਂ ਤੋਂ ਇੱਥੇ ਲਗਾਤਾਰ ਬਰਫ਼ਬਾਰੀ ਹੋ ਰਹੀ ਹੈ। ਬਰਫ਼ਬਾਰੀ ਤੋਂ ਬਾਅਦ, ਹਾਈਵੇਅ ’ਤੇ ਕੰਮ ਕਰ ਰਹੇ 57 ਕਾਮੇ ਮਲਬੇ ਹੇਠਾਂ ਦੱਬ ਗਏ ਹਨ। ਹਾਲਾਂਕਿ, ਘਟਨਾ ਤੋਂ ਬਾਅਦ ਕੁਝ ਕਾਮੇ ਖੁਦ ਨਿਕਲ ਗਏ। ਇਸ ਘਟਨਾ ਤੋਂ ਬਾਅਦ ਬੀਆਰਓ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਮੌਕੇ ’ਤੇ ਪਹੁੰਚ ਗਏ ਹਨ। ਕਿਹਾ ਜਾਂਦਾ ਹੈ ਕਿ ਇਸ ਹਾਈਵੇਅ ਦੇ ਨਿਰਮਾਣ ਵਿੱਚ ਲੱਗੇ 57 ਕਾਮੇ ਦੱਬ ਗਏ ਸਨ। ਪਰ ਸੂਤਰਾਂ ਅਨੁਸਾਰ 10 ਮਜ਼ਦੂਰ ਦੱਬ ਗਏ ਹਨ। ਇਹ ਘਟਨਾ ਬਦਰੀਨਾਥ ਮਾਨਾ ਨੇੜੇ ਸਰਹੱਦੀ ਸੜਕ ’ਤੇ ਵਾਪਰੀ। ਇਸ ਘਟਨਾ ’ਤੇ ਬੀਆਰਓ ਮੇਜਰ ਨੇ ਕਿਹਾ ਕਿ ਮਜ਼ਦੂਰਾਂ ਦੇ ਕੈਂਪ ਦੇ ਨੇੜੇ ਗਲੇਸ਼ੀਅਰ ਟੁੱਟ ਗਿਆ ਹੈ। ਇਹ ਘਟਨਾ ਇਸੇ ਕਾਰਨ ਵਾਪਰੀ ਹੈ।



ਹਾਲਾਂਕਿ, ਕਿੰਨੇ ਮਜ਼ਦੂਰਾਂ ਨੂੰ ਦਫ਼ਨਾਇਆ ਗਿਆ ਹੈ, ਇਸ ਬਾਰੇ ਅਧਿਕਾਰਤ ਐਲਾਨ ਅਜੇ ਤੱਕ ਨਹੀਂ ਕੀਤਾ ਗਿਆ ਹੈ। ਇਸ ਘਟਨਾ ਤੋਂ ਬਾਅਦ ਫੌਜ ਅਤੇ ਆਈਟੀਬੀਪੀ ਨੇ ਚਮੋਲੀ ਵਿੱਚ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਹਨ। ਹਨੂੰਮਾਨ ਚੱਟੀ ਤੋਂ ਪਰੇ ਹਾਈਵੇਅ ਬੰਦ ਹੈ। SDRF ਅਤੇ NSRF ਨੂੰ ਮੌਕੇ ’ਤੇ ਭੇਜਿਆ ਗਿਆ ਹੈ। ਪਰ ਹਾਈਵੇਅ ਬੰਦ ਹੋਣ ਕਾਰਨ ਉਹ ਰਸਤੇ ਵਿੱਚ ਫਸ ਗਏ ਹਨ। ਚਮੋਲੀ ਦੇ ਡੀਐਮ ਡਾ. ਸੰਦੀਪ ਤਿਵਾੜੀ ਨੇ ਕਿਹਾ ਕਿ 57 ਮਜ਼ਦੂਰਾਂ ਦੇ ਮਾਨਾ ਪਾਸ ਖੇਤਰ ਵਿੱਚ ਹੋਣ ਦੀ ਖ਼ਬਰ ਹੈ। ਇਸ ਦੌਰਾਨ ਚਮੋਲੀ ਜ਼ਿਲ੍ਹੇ ਵਿੱਚ ਮੀਂਹ ਅਤੇ ਬਰਫ਼ਬਾਰੀ ਦੇ ਮੱਦੇਨਜ਼ਰ, ਜ਼ਿਲ੍ਹਾ ਮੈਜਿਸਟਰੇਟ ਸੰਦੀਪ ਤਿਵਾੜੀ ਨੇ ਆਈਆਰਐਸ ਅਧਿਕਾਰੀਆਂ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਬੰਦ ਸੜਕਾਂ ’ਤੇ ਆਵਾਜਾਈ ਨੂੰ ਸਾਫ਼ ਕਰਨ ਤੋਂ ਇਲਾਵਾ ਅਧਿਕਾਰੀਆਂ ਨੂੰ ਖਰਾਬ ਹੋਈਆਂ ਬਿਜਲੀ ਲਾਈਨਾਂ ਦੀ ਮੁਰੰਮਤ ਕਰਕੇ ਬਿਜਲੀ ਸਪਲਾਈ ਬਹਾਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਪਰੋਕਤ ਜਾਣਕਾਰੀ ਵਿੱਚ, ਬੀਆਰਓ ਮੇਜਰ ਪ੍ਰਤੀਕ ਕਾਲੇ ਨਾਲ ਉਨ੍ਹਾਂ ਦੇ ਟੈਲੀਫੋਨ ਨੰਬਰ ’ਤੇ ਸੰਪਰਕ ਕੀਤਾ ਗਿਆ ਸੀ। ਉਨ੍ਹਾਂ ਨੇ ਦੱਸਿਆ ਕਿ ਬੀਆਰਓ ਦੇ 57 ਵਰਕਰ ਕੰਮ ਕਰ ਰਹੇ ਸਨ।




## 1984 ਦੇ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਅਦਾਲਤ ਅੰਦਰ ਜਗਦੀਸ਼ ਟਾਈਟਲਰ ਵਿਰੁੱਧ ਗਵਾਹ ਦਾ ਬਿਆਨ ਦਰਜ

**ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-**



ਦਿੱਲੀ ਦੀ ਇੱਕ ਅਦਾਲਤ ਅੰਦਰ ਬੀਤੇ ਦਿਨ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਚੱਲ ਰਹੀ ਕਾਨੂੰਨੀ ਕਾਰਵਾਈ ਵਿੱਚ ਇੱਕ ਸਰਕਾਰੀ ਗਵਾਹ ਦੀ ਗਵਾਹੀ ਦਰਜ ਕੀਤੀ ਗਈ। ਜਿਕਰਯੋਗ ਹੈਂ ਕਿ ਅਦਾਲਤ ਨੇ ਆਖਰੀ ਵਾਰ 12 ਨਵੰਬਰ, 2024 ਨੂੰ ਲਖਵਿੰਦਰ ਕੌਰ ਦਾ ਬਿਆਨ ਦਰਜ ਕੀਤਾ ਸੀ। ਲਖਵਿੰਦਰ ਕੌਰ ਮਰਹੂਮ ਬਾਦਲ ਸਿੰਘ ਦੀ ਵਿਧਵਾ ਹੈ, ਜੋ ਗੁਰਦੁਆਰਾ ਪੁਲ ਬੰਗਸ਼ ਦੇ ਪੀੜਤਾਂ ਵਿੱਚੋਂ ਇੱਕ ਸੀ। ਅਦਾਲਤ ਅੰਦਰ ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਫੋਰੈਂਸਿਕ ਮਾਹਰ ਐਸ ਇੰਗਰਸਲ ਦੁਆਰਾ ਦਿੱਤੇ ਗਏ ਸਬੂਤ ਦਰਜ ਕੀਤੇ ਅਤੇ ਦਲੀਲਾਂ ਲਈ 7 ਮਾਰਚ ਦੀ ਤਰੀਕ ਨਿਰਧਾਰਤ ਕੀਤੀ। ਟਾਈਟਲਰ, ਜਿਸਨੂੰ ਅਦਾਲਤ ਵਿੱਚ ਪੇਸ਼ ਹੋਣ ਤੋਂ ਛੋਟ ਦਿੱਤੀ ਗਈ ਸੀ, ਉੱਤੇ ਸਿੱਖ ਕਤਲੇਆਮ ਦੌਰਾਨ ਗੁਰਦੁਆਰਾ ਪੁਲ ਬੰਗਸ਼ ਵਿਖੇ ਤਿੰਨ ਵਿਅਕਤੀਆਂ ਦੀ ਮੌਤ ਦਾ ਕਾਰਨ ਬਣੀ ਭੀੜ ਨੂੰ ਭੜਕਾਉਣ ਦਾ ਦੋਸ਼ ਹੈ।

## ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਮਗਰੋਂ ਜਥੇਦਾਰ ਰਘਬੀਰ ਸਿੰਘ ਦਾ ਵੱਡਾ ਬਿਆਨ

**ਹੁਸ਼ਿਆਰਪੁਰ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਐਸ. ਜੀ. ਪੀ. ਸੀ. ਦੀ ਪ੍ਰਧਾਨਗੀ ਤੋਂ ਅਸਤੀਫ਼ਾ ਦੇ ਚੁੱਕੇ ਹਰਜਿੰਦਰ ਸਿੰਘ ਧਾਮੀ ਨੂੰ ਮਨਾਉਣ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਹਰਜਿੰਦਰ ਸਿੰਘ ਧਾਮੀ ਨਾਲ ਉਨ੍ਹਾਂ ਦੀ ਹੁਸ਼ਿਆਰਪੁਰ ਸਥਿਤ ਰਿਹਾਇਸ਼ ਵਿਖੇ ਮੁਲਾਕਾਤ ਕੀਤੀ ਗਈ। ਇਸ ਦੌਰਾਨ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਐਡਵੋਕੇਟ ਧਾਮੀ ਨੂੰ ਆਪਣਾ ਅਸਤੀਫ਼ਾ ਵਾਪਸ ਲੈਣ ਸਬੰਧੀ ਮੁੜ ਅਪੀਲ ਕਰਨ ਦੇ ਨਾਲ-ਨਾਲ ਪੰਥਕ ਮਾਮਲਿਆਂ ਸੰਬੰਧੀ ਵਿਚਾਰ-ਚਰਚਾ ਕੀਤੀ ਹੈ। ਕਰੀਬ 1 ਘੰਟਾ ਚੱਲੀ ਮੁਲਾਕਾਤ ਮਗਰੋਂ ਰਘਬੀਰ ਸਿੰਘ ਨੇ ਵੱਡਾ ਬਿਆਨ ਦਿੰਦੇ ਹੋਏ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਵਰਗੇ ਗੁਰੂ ਸਿੱਖ ਦੀ ਪੰਥ ਨੂੰ ਸ਼੍ਰੋਮਣੀ ਕਮੇਟੀ ਨੂੰ ਬੇਹੱਦ ਲੋੜ ਹੈ। ਉਨ੍ਹਾਂ ਵੱਲੋਂ ਹਰਜਿੰਦਰ ਸਿੰਘ ਧਾਮੀ ਨੂੰ ਅਸਤੀਫ਼ਾ ਵਾਪਸ ਲੈਣ ਦੀ ਅਪੀਲ ਕੀਤੀ ਗਈ ਹੈ। ਉਥੇ ਹੀ 5 ਮੈਂਬਰੀ ਕਮੇਟੀ ਦੀ ਮਿਲੀ ਚਿੱਠੀ ਬਾਰੇ ਬੋਲਦੇ ਹੋਏ ਕਿਹਾ ਕਿ ਚਿੱਠੀ ’ਤੇ ਵੀ ਵਿਚਾਰ-ਚਰਚਾ ਕੀਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵੀ ਮੌਜੂਦ ਰਹੇ, ਜਿਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਗ੍ਰਹਿ ਵਿਖੇ ਉਨ੍ਹਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਥੇ ਜ਼ਿਕਰਯੋਗ ਹੈ ਕਿ ਐਡਵੋਕੇਟ ਧਾਮੀ ਨੇ ਕੁਝ ਦਿਨ ਪਹਿਲਾਂ ਜਥੇਦਾਰ ਵੱਲੋਂ ਸੋਸ਼ਲ ਮੀਡੀਆ ’ਤੇ ਸਾਂਝੀ ਕੀਤੀ ਇਕ ਪੋਸਟ ਦਾ ਹਵਾਲਾ ਦਿੰਦਿਆਂ ਆਪਣੇ ਪ੍ਰਧਾਨ ਦੇ ਅਹੁਦੇ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਸੱਤ ਮੈਂਬਰੀ ਕਮੇਟੀ ਦੇ ਕਨਵੀਨਰ ਵਜੋਂ ਵੀ ਅਸਤੀਫ਼ਾ ਦੇ ਦਿੱਤਾ ਸੀ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਆਗੂਆਂ ਦੇ ਇਕ ਵਫ਼ਦ ਵੱਲੋਂ ਹਰਜਿੰਦਰ ਸਿੰਘ ਧਾਮੀ ਨਾਲ ਹੁਸ਼ਿਆਰਪੁਰ ਵਿਖੇ ਉਨ੍ਹਾਂ ਦੇ ਘਰ ਮੁਲਾਕਾਤ ਕੀਤੀ ਗਈ ਸੀ।



## ਗੁਰਦੁਆਰਾ ਸ੍ਰੀ ਮਣੀਕਰਨ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਲਈ ਵੱਡੀ ਖ਼ਬਰ



**ਮਨਾਲੀ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਵਿਚ ਕੁਦਰਤ ਦਾ ਕਹਿਰ ਲਗਾਤਾਰ ਜਾਰੀ ਹੈ। ਮੋਹਲੇਧਾਰ ਮੀਂਹ ਦੇ ਚੱਲਦੇ ਜਿੱਥੇ ਨਦੀ-ਨਾਲੇ ਉਫਾਨ ’ਤੇ ਹਨ। ਹਿਮਾਚਲ ਪ੍ਰਦੇਸ਼ ਦੇ ਕਈ ਹਿੱਸਿਆਂ ਵਿਚ ਭਾਰੀ ਬਰਫ਼ਬਾਰੀ ਅਤੇ ਮੀਂਹ ਪੈਣ ਕਾਰਨ ਆਮ ਜਨਜੀਵਨ ਠੱਪ ਹੋ ਗਿਆ। ਸ਼ੁੱਕਰਵਾਰ ਨੂੰ ਭਾਰੀ ਮੀਂਹ ਕਾਰਨ ਹੋਏ ਜ਼ਮੀਨ ਖਿਸਕਣ ਕਾਰਨ ਮੁੱਖ ਸੜਕਾਂ ਅਤੇ ਰਾਸ਼ਟਰੀ ਰਾਜਮਾਰਗ ਬੰਦ ਹੋ ਗਏ। ਉੱਥੇ ਹੀ ਜ਼ਮੀਨ ਖਿਸਕਣ ਕਾਰਨ ਚੰਡੀਗੜ੍ਹ-ਮਨਾਲੀ ਹਾਈਵੇਅ ਵੀ ਠੱਪ ਹੋ ਗਿਆ। ਪੰਜਾਬ ਰੋਡਵੇਜ਼ ਦੀਆਂ ਬੱਸਾਂ ਨੂੰ ਮੰਡੀ ਵਿਚ ਹੀ ਰੋਕਿਆ ਗਿਆ ਹੈ। ਖਰਾਬ ਮੌਸਮ ਕਾਰਨ ਹਾਲਾਤ ਲਗਾਤਾਰ ਵਿਗੜਦੇ ਜਾ ਰਹੇ ਹਨ। ਜਿਸ ਕਾਰਨ ਗੁਰਦੁਆਰਾ ਸ੍ਰੀ ਮਣੀਕਰਨ ਸਾਹਿਬ ਆਉਣ-ਜਾਣ ਵਾਲੇ ਸ਼ਰਧਾਲੂਆਂ ਲਈ ਵੱਡੀ ਪਰੇਸ਼ਾਨੀ ਖੜ੍ਹੀ ਹੋ ਗਈ ਹੈ। ਹਿਮਾਚਲ ਪ੍ਰਦੇਸ਼ ਦੇ ਕੁੱਲੂ ਵਿਚ ਕੁਦਰਤ ਨੇ ਅਜਿਹਾ ਰੂਪ ਵਿਖਾਇਆ ਕਿ ਰੌਂਗਟੇ ਖੜ੍ਹੇ ਹੋ ਰਹੇ ਹਨ। ਕੁੱਲੂ ਵਿਚ ਦੋ ਦਿਨ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸੂਬੇ ਵਿਚ ਲਗਾਤਾਰ ਤੀਜੇ ਦਿਨ ਰੁਕ-ਰੁਕ ਕੇ ਹੋ ਰਹੀ ਬਰਫ਼ਬਾਰੀ ਅਤੇ ਮੀਂਹ ਕਾਰਨ ਹਾਈਵੇਅ ਪ੍ਰਭਾਵਿਤ ਹੋਇਆ ਹੈ। ਕੁੱਲੂ, ਲਾਹੌਲ-ਸਪੀਤੀ, ਕਿਨੌਰ, ਚੰਬਾ ਅਤੇ ਸ਼ਿਮਲਾ ਜ਼ਿਲ੍ਹਿਆਂ ਦੇ ਕਈ ਖੇਤਰ ਬਾਕੀ ਸੂਬੇ ਨਾਲੋਂ ਕੱਟੇ ਜਾਣ ਕਾਰਨ ਪੂਰੇ ਸੂਬੇ ਵਿਚ ਲਗਭਗ 200 ਸੜਕਾਂ ਬੰਦ ਕਰ ਦਿੱਤੀਆਂ ਗਈਆਂ ਹਨ। ਉੱਥੇ ਹੀ ਜ਼ਮੀਨ ਖਿਸਕਣ ਕਾਰਨ ਮਨਾਲੀ-ਕੀਰਤਪੁਰ ਕੌਮੀ ਹਾਈਵੇਅ ’ਤੇ ਆਵਾਜਾਈ ਠੱਪ ਹੋ ਗਈ ਹੈ। ਪ੍ਰਸ਼ਾਸਨ ਨੇ ਸਥਾਨਕ ਲੋਕਾਂ ਅਤੇ ਯਾਤਰੀਆਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਹੈ। ਕੁੱਲੂ ਅਤੇ ਮੰਡੀ ਜ਼ਿਲ੍ਹਿਆਂ ਵਿਚ ਕਈ ਥਾਵਾਂ ’ਤੇ ਆਵਾਜਾਈ ਪ੍ਰਭਾਵਿਤ ਹੋਈ, ਜਿਸ ਕਾਰਨ ਯਾਤਰੀਆਂ ਨੂੰ ਲੰਮੀ ਉਡੀਕ ਕਰਨੀ ਪੈ ਰਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਮੀਨ ਖਿਸਕਣ ਕਾਰਨ ਸੰਭਾਵਿਤ ਖੇਤਰਾਂ ਵਿਚ ਲੋਕਾਂ ਨੂੰ ਨਾ ਜਾਣ ਦੀ ਸਲਾਹ ਦਿੱਤੀ ਹੈ।

## ਰਮਜਾਨ ਤੋਂ ਪਹਿਲਾਂ ਧਮਾਕਿਆਂ ਨਾਲ ਦਹਿਲਿਆ ਪਾਕਿਸਤਾਨ, 5 ਦੀ ਮੌਤ



**ਇਸਲਾਮਾਬਾਦ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਜਾਮੀਆ ਹੱਕਾਨੀਆ ਵਿੱਚ ਇੱਕ ਬੰਬ ਧਮਾਕਾ ਹੋਇਆ, ਜਿਸ ਵਿੱਚ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਰਮਜ਼ਾਨ ਦੇ ਪਵਿੱਤਰ ਮਹੀਨੇ ਤੋਂ ਪਹਿਲਾਂ ਸ਼ੁੱਕਰਵਾਰ (28 ਫਰਵਰੀ, 2025) ਨੂੰ ਉੱਤਰ-ਪੱਛਮੀ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਵਿੱਚ ਇੱਕ ਤਾਲਿਬਾਨ-ਪੱਖੀ ਮਸਜਿਦ ਵਿੱਚ ਇੱਕ ਧਮਾਕਾ ਹੋਇਆ। ਸਮਾਚਾਰ ਏਜੰਸੀ ਐਸੋਸੀਏਟਿਡ ਪ੍ਰੈਸ ਦੀ ਰਿਪੋਰਟ ਦੇ ਅਨੁਸਾਰ, ਜ਼ਿਲ੍ਹਾ ਪੁਲਿਸ ਮੁਖੀ ਅਬਦੁਲ ਰਸ਼ੀਦ ਨੇ ਕਿਹਾ ਕਿ ਇਹ ਧਮਾਕਾ ਖੈਬਰ ਪਖਤੂਨਖਵਾ ਸੂਬੇ ਦੇ ਅਕਕੋਰਾ ਖੱਟਕ ਜ਼ਿਲ੍ਹੇ ਵਿੱਚ ਹੋਇਆ। ਉਨ੍ਹਾਂ ਕਿਹਾ ਕਿ ਅਧਿਕਾਰੀ ਮਾਮਲੇ ਦੀ ਜਾਂਚ ਕਰ ਰਹੇ ਹਨ ਅਤੇ ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਜਾ ਰਿਹਾ ਹੈ। ਹੁਣ ਤੱਕ ਕਿਸੇ ਵੀ ਸੰਗਠਨ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ। ਜਾਮੀਆ ਹੱਕਾਨੀਆ ਮਦਰਸੇ ਦੇ ਕੈਂਪਸ ਵਿੱਚ ਜਿੱਥੇ ਧਮਾਕਾ ਹੋਇਆ ਸੀ, ਉੱਥੇ ਲਗਭਗ 4,000 ਵਿਦਿਆਰਥੀ ਹਨ, ਜਿਨ੍ਹਾਂ ਨੂੰ ਮੁਫ਼ਤ ਖਾਣਾ ਅਤੇ ਸਿੱਖਿਆ ਦਿੱਤੀ ਜਾਂਦੀ ਹੈ। ਪਾਕਿਸਤਾਨੀ ਸਮਾ ਟੀਵੀ ਦੀ ਰਿਪੋਰਟ ਦੇ ਅਨੁਸਾਰ, ਕੇਪੀ ਆਈਜੀ ਜ਼ੁਲਫਿਕਾਰ ਹਮੀਦ ਨੇ ਕਿਹਾ ਕਿ ਸ਼ੁਰੂਆਤੀ ਜਾਂਚ ਦੇ ਅਨੁਸਾਰ, ਇਹ ਇੱਕ ਆਤਮਘਾਤੀ ਧਮਾਕਾ ਲੱਗਦਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਮੌਲਾਨਾ ਹਮੀਦੁਲ ਹੱਕ ਹੱਕਾਨੀ ਨਿਸ਼ਾਨਾ ਸਨ। ਪਾਕਿਸਤਾਨ ਸਰਕਾਰ ਦੇ ਗ੍ਰਹਿ ਮੰਤਰੀ ਮੋਹਸਿਨ ਨਕਵੀ ਨੇ X ’ਤੇ ਪੋਸਟ ਕਰਕੇ ਇਸ ਘਟਨਾ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ, “ਦੁਸ਼ਮਣ ਦੇਸ਼ ਪਾਕਿਸਤਾਨ ਵਿੱਚ ਅਸਥਿਰਤਾ ਪੈਦਾ ਕਰਨ ਦੀ ਸਾਜ਼ਿਸ਼ ਰਚ ਰਿਹਾ ਹੈ। ਅਸੀਂ ਦੁਸ਼ਮਣ ਦੀ ਹਰ ਸਾਜ਼ਿਸ਼ ਨੂੰ ਨਾਕਾਮ ਕਰ ਦੇਵਾਂਗੇ। ਅਸੀਂ ਮ੍ਰਿਤਕਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੇ ਹਾਂ।” ਉਨ੍ਹਾਂ ਮੌਲਾਨਾ ਹਮੀਦੁਲ ਹੱਕ ਹੱਕਾਨੀ ਅਤੇ ਹੋਰ ਜ਼ਖਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਪ੍ਰਾਰਥਨਾ ਕੀਤੀ। ਖੈਬਰ ਪਖਤੂਨਖਵਾ ਸੂਬੇ ਵਿੱਚ ਹੋਏ ਬੰਬ ਧਮਾਕੇ ਬਾਰੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਕਿਹਾ ਕਿ ਅਜਿਹੀਆਂ ਕਾਇਰਤਾਪੂਰਨ ਕਾਰਵਾਈਆਂ ਅੱਤਵਾਦ ਵਿਰੁੱਧ ਸਾਡੇ ਇਰਾਦੇ ਨੂੰ ਕਮਜ਼ੋਰ ਨਹੀਂ ਕਰ ਸਕਦੀਆਂ। ਉਨ੍ਹਾਂ ਕਿਹਾ ਕਿ ਅਸੀਂ ਦੇਸ਼ ਵਿੱਚੋਂ ਹਰ ਤਰ੍ਹਾਂ ਦੇ ਅੱਤਵਾਦ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਵਚਨਬੱਧ ਹਾਂ।

## ਰਾਮ ਰਹੀਮ ਦੀ ਪੈਰੋਲ ਖ਼ਿਲਾਫ਼ ਸ਼੍ਰੋਮਣੀ ਵੱਲੋਂ ਪਾਈ ਪਟੀਸ਼ਨ ਸੁਪਰੀਮ ਕੋਰਟ ਨੇ ਕੀਤੀ ਰੱਦ

**ਨਵੀਂ ਦਿੱਲੀ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਪੈਰੋਲ ਤੇ ਫਰਲੋ ’ਤੇ ਵਾਰ-ਵਾਰ ਰਿਹਾਅ ਕਰਨ ਵਿਰੁੱਧ ਦਾਇਰ ਪਟੀਸ਼ਨ ਨੂੰ ਸੁਪਰੀਮ ਕੋਰਟ ਨੇ ਰੱਦ ਕਰ ਦਿੱਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਕਿਸੇ ਖਾਸ ਵਿਅਕਤੀ ਨੂੰ ਨਿਸ਼ਾਨਾ ਬਣਾ ਕੇ ਜਨਹਿਤ ਪਟੀਸ਼ਨ ਦਾਇਰ ਨਹੀਂ ਕੀਤੀ ਜਾ ਸਕਦੀ। ਜੇ ਕਿਸੇ ਨਿਯਮ ਦੀ ਉਲੰਘਣਾ ਕੀਤੀ ਗਈ ਹੈ ਜਾਂ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਨਹੀਂ ਕੀਤੀ ਗਈ ਹੈ ਤਾਂ ਇਸਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਜਾ ਸਕਦੀ ਹੈ। ਇਹ ਪਟੀਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਾਇਰ ਕੀਤੀ ਗਈ ਸੀ। ਪਟੀਸ਼ਨ ਵਿੱਚ ਰਾਮ ਰਹੀਮ ਨੂੰ 2022 ਤੋਂ ਹੁਣ ਤੱਕ ਵਾਰ-ਵਾਰ ਜੇਲ੍ਹ ਤੋਂ ਬਾਹਰ ਆਉਣ ਦੀ ਇਜਾਜ਼ਤ ਦੇਣ ਦਾ ਵਿਰੋਧ ਕੀਤਾ ਗਿਆ ਸੀ।

ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਹਰਿਆਣਾ ਸਰਕਾਰ ਰਾਮ ਰਹੀਮ ਨੂੰ ਪੈਰੋਲ ਤੇ ਫਰਲੋ ਦੇ ਕੇ ਲਗਾਤਾਰ ਜੇਲ੍ਹ ਤੋਂ ਬਾਹਰ ਰਹਿਣ ਦਾ ਮੌਕਾ ਦੇ ਰਹੀ ਹੈ, ਜੋ ਕਿ ਕਾਨੂੰਨ ਦੀ ਉਲੰਘਣਾ ਹੈ। ਰਾਮ ਰਹੀਮ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਸੁਪਰੀਮ ਕੋਰਟ ਵਿੱਚ ਦਲੀਲ ਦਿੱਤੀ ਕਿ ਇਹ ਪਟੀਸ਼ਨ ਰਾਜਨੀਤਿਕ ਦੁਸ਼ਮਣੀ ਕਾਰਨ ਦਾਇਰ ਕੀਤੀ ਗਈ ਸੀ। ਸ਼੍ਰੋਮਣੀ ਕਮੇਟੀ ਦੀ ਨੀਅਤ ’ਤੇ ਸਵਾਲ ਉਠਾਉਂਦੇ ਹੋਏ ਉਨ੍ਹਾਂ ਕਿਹਾ ਕਿ ਜਦੋਂ ਪਟੀਸ਼ਨਰ ਆਪਣੇ ਆਪ ਨੂੰ ਧਾਰਮਿਕ ਸੰਗਠਨ ਕਹਿੰਦਾ ਹੈ ਤਾਂ ਇਹ ਰਾਜਨੀਤਿਕ ਦੁਸ਼ਮਣੀ ਦੀ ਗੱਲ ਕਿਵੇਂ ਕਰ ਸਕਦਾ ਹੈ ? ਇਸ ’ਤੇ ਸ਼੍ਰੋਮਣੀ ਕਮੇਟੀ ਦੇ ਵਕੀਲ ਨੇ ਕਿਹਾ ਕਿ ਜਦੋਂ ਰਾਮ ਰਹੀਮ ਆਪਣੇ ਆਪ ਨੂੰ ਧਾਰਮਿਕ ਵਿਅਕਤੀ ਮੰਨਦਾ ਹੈ ਤਾਂ ਫਿਰ ਉਸ ’ਤੇ ਰਾਜਨੀਤਿਕ ਦੁਰਭਾਵਨਾ ਦਾ ਦੋਸ਼ ਕਿਉਂ ਲਗਾਇਆ ਜਾ ਰਿਹਾ ਹੈ ?

### ਸੁਪਰੀਮ ਕੋਰਟ ਦੀ ਟਿੱਪਣੀ

ਇਸ ਮਾਮਲੇ ਦੀ ਸੁਣਵਾਈ ਦੌਰਾਨ, ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਸੁਪਰੀਮ ਕੋਰਟ ਦੀ ਬੈਂਚ ਨੇ ਕਿਹਾ ਕਿ ਹਾਈ ਕੋਰਟ ਪਹਿਲਾਂ ਹੀ ਸਪੱਸ਼ਟ ਕਰ ਚੁੱਕੀ ਹੈ ਕਿ ਸਰਕਾਰ ਨਿਯਮਾਂ ਅਨੁਸਾਰ ਪੈਰੋਲ ਦੀ ਮੰਗ ’ਤੇ ਵਿਚਾਰ ਕਰ ਸਕਦੀ ਹੈ। ਪਟੀਸ਼ਨਕਰਤਾ ਨੇ ਦਲੀਲ ਦਿੱਤੀ ਕਿ ਪਿਛਲੇ ਸਾਲ ਰਾਮ ਰਹੀਮ ਦੀ ਰਿਹਾਈ ਹਾਈ ਕੋਰਟ ਦੇ ਹੁਕਮਾਂ ਦੇ ਵਿਰੁੱਧ ਸੀ। ਇਸ ’ਤੇ ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਅਜਿਹਾ ਹੈ, ਤਾਂ ਹਾਈ ਕੋਰਟ ਵਿੱਚ ਰਾਜ ਸਰਕਾਰ ਵਿਰੁੱਧ ਮਾਣਹਾਨੀ ਪਟੀਸ਼ਨ ਦਾਇਰ ਕੀਤੀ ਜਾ ਸਕਦੀ ਹੈ, ਪਰ ਇਸਨੂੰ ਸੁਪਰੀਮ ਕੋਰਟ ਵਿੱਚ ਜਨਹਿੱਤ ਪਟੀਸ਼ਨ ਵਜੋਂ ਪੇਸ਼ ਨਹੀਂ ਕੀਤਾ ਜਾ ਸਕਦਾ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਘਨੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark) +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

**ਵਾਹਿਗੁਰੂ ਜੀ ਕਾ ਖਾਲਸਾ।**
**ਵਾਹਿਗੁਰੂ ਜੀ ਕੀ ਫਤਿਹ॥**

# ਗੁਰੂ ਨਾਨਕ ਗੁਰਦੁਆਰਾ ਸਮੈਦਿਕ






## ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਪ੍ਰਭੂਸੱਤਾ ਅਤੇ ਅਤੇ ਜਥੇਦਾਰਾਂ ਦੇ ਸਨਮਾਨ ਬਹਾਲੀ ਦੇ ਸਬੰਧ ਵਿੱਚ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ

# ਵਿਸ਼ਾਲ ਪੰਥਕ ਇਕੱਠ

## 2 ਮਾਰਚ 2025 ਦਿਨ ਐਤਵਾਰ ਦੁਪਹਿਰ 1 ਵਜੇ

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਗੁਰੂ ਪਿਆਰੇ ਖਾਲਸਾ ਜੀਓ, ਪਿਛਲੇ ਸਾਲ 2 ਦਸੰਬਰ 2024 ਨੂੰ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਸਿੰਘ ਸਾਹਿਬਾਨਾਂ ਵੱਲੋਂ ਆਦੇਸ਼ ਸੁਣਾਏ ਗਏ ਸਨ ਤੋਂ ਉਹਨਾਂ ਆਦੇਸ਼ਾਂ ਤੋਂ ਭਗੋੜੇ ਹੋਣ ਵਾਲਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਅਤੇ ਜਥੇਦਾਰਾਂ ਦੇ ਅਧਿਕਾਰਾਂ ਉਤੇ ਸਵਾਲ ਖੜੇ ਕਰ ਦਿੱਤੇ ਹਨ ਜਿਸ ਕਰਕੇ ਪੂਰੀ ਦੁਨੀਆ ਦਾ ਸਿੱਖ ਅੱਜ ਬੇਚੈਨ ਅਤੇ ਪਰੇਸ਼ਾਨ ਹੈ। ਇਹਨਾਂ ਮਸਲਿਆਂ ਦਾ ਕੀ ਹੱਲ ਹੋਵੇ ਇਸ ਸਬੰਧ ਵਿੱਚ ਇੰਗਲੈਂਡ ਭਰ ਦੀਆਂ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਥਕ ਦਰਦੀਆਂ ਦਾ ਵਿਸ਼ਾਲ ਇਕੱਠ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਸੱਦਿਆ ਗਿਆ ਹੈ। ਜਿੱਥੇ ਪੰਥ ਦਰਦੀਆਂ ਨੂੰ ਖੁੱਲਾ ਸੱਦਾ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਦੁਪਹਿਰ 1 ਵਜੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ, ਉੱਥੇ ਪੰਥਕ ਵਿਦਵਾਨ ਜਥੇਬੰਦੀਆਂ ਦੇ ਆਗੂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕ ਵਿਚਾਰ ਕਰਕੇ ਸਾਂਝਾ ਫੈਸਲਾ ਕਰਨਗੇ । **ਸੋ ਆਪ ਸਭ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

**ਵਧੇਰੇ ਜਾਣਕਾਰੀ ਲਈ**

| | | | |
|---|---|---|---|
| ਭਾਈ ਕੁਲਦੀਪ ਸਿੰਘ ਦਿਓਲ | ਭਾਈ ਕੁਲਦੀਪ ਸਿੰਘ ਚਹੇੜੂ | ਭਾਈ ਰਾਜਮਨਵਿੰਦਰ ਸਿੰਘ ਕੰਗ | ਭਾਈ ਰਘਵੀਰ ਸਿੰਘ ਬੀਰ੍ਹਾ |
| ਮੋ.: 07971931075 | 07938633554 | 07869 113379 | 07930 908368 |

# GURU NANAK GURDWARA

**130 High St, Smethwick, B66 3AP-0121 558 2527**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਸ੍ਰੀ ਅਕਾਲ ਤਖ਼ਤ ਸਾਹਿਬ ਜੀ



ਸ੍ਰੀ ਅਕਾਲ ਤਖ਼ਤ ਸਾਹਿਬ ਜੀ ਗੁਰਦੁਆਰਾ ਸਾਹਿਬ ਹੈ ਜਾਂ ਸਿੱਖਾਂ ਕੌਮ ਦਾ ਤਖ਼ਤ ਇਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 1 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 2 ਮਾਰਚ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਅਮਨਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




### ਸਮਾਜ ਮਿਲਵਰਤਨ ਸੁਸਾਇਟੀ ਜਗਰਾਉਂ ਵੱਲੋਂ

# ਅਨਾਜ ਮੰਡੀ ਵਿੱਚ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦੀ ਹੋਈ ਸ਼ੁਰੂਆਤ









ਜਗਰਾਉਂ/ਲੁਧਿਆਣਾ (ਵਰਿਆਮ ਹਠੂਰ)- ਜਗਰਾਉਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਮਾਜ ਮਿਲਵਰਤਨ ਸੁਸਾਇਟੀ ਵੱਲੋਂ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕ੍ਰਾਂਤੀਕਾਰੀ ਰਹਿਬਰ ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਵੀਂ ਅਨਾਜ ਮੰਡੀ ਜਗਰਾਉਂ ਵਿਖੇ ਤਹਿਸੀਲ ਪੱਧਰੀ ਦੂਸਰੇ ਸਾਲਾਨਾ ਧਾਰਮਿਕ ਸਮਾਗਮਾਂ ਦੀ ਆਰੰਭਤਾ ਮੌਕੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਗਏ, ਜਿਨ੍ਹਾਂ ਦੇ ਭੋਗ 2 ਮਾਰਚ ਦਿਨ ਐਤਵਾਰ ਨੂੰ ਪਾਏ ਜਾਣਗੇ। ਇਕੱਤਰ ਗੁਰਸੰਗਤਾਂ ਸੰਗਤਾਂ ਵਲੋਂ ਗੁਰਦੁਆਰਾ ਸਾਹਿਬ ਮੁਹੱਲਾ ਰਾਮਪੁਰ ਤੋਂ ਖਾਲਸਾਈ ਬੈਂਡ ਅਤੇ ਫੁੱਲਾਂ ਦੀ ਵਰਖਾ ਕਰਦਿਆਂ ਗੁਰੂ ਸਾਹਿਬ ਜੀ ਪੰਡਾਲ 'ਚ ਸਜਾਈ ਹੋਈ ਪਾਲਕੀ 'ਚ ਸ਼ੁਸ਼ੋਭਿਤ ਕੀਤੇ ਗਏ ਅਤੇ ਗ੍ਰੰਥੀ ਸਿੰਘ ਵੱਲੋਂ ਅਰੰਭਤਾ ਦੀ ਆਰਦਾਸ ਕੀਤੀ ਗਈ। ਇਸ ਮੌਕੇ ਸਮਾਜ ਮਿਲਵਰਤਨ ਸੁਸਾਇਟੀ ਦੇ ਪ੍ਰਧਾਨ ਰਛਪਾਲ ਸਿੰਘ ਚੀਮਨਾ, ਪ੍ਰੇਮ ਸਿੰਘ ਲੋਹਟ, ਮਹਿੰਗਾ ਸਿੰਘ ਮੀਰਪੁਰ, ਪ੍ਰਿੰ.ਸਰਬਜੀਤ ਸਿੰਘ ਭੱਟੀ ਦੇਹੜਕਾ, ਸੰਤਰਾਮ ਸਿੰਘ ਰਾਏਕੋਟ, ਮਹਿੰਦਰ ਸਿੰਘ ਕਮਾਲਪੁਰੀ, ਅਸ਼ੋਕ ਕੁਮਾਰ ਜਗਰਾਉਂ, ਹੰਸਰਾਜ ਜਗਰਾਉਂ, ਏ.ਐੱਸ.ਆਈ. ਜਸਵੀਰ ਸਿੰਘ ਅਸ਼ੋਕ ਕੁਮਾਰ, ਅਤੇ ਰੀਅਲ ਮਿਕਸ ਨਿਊਜ਼ ਦੀ ਟੀਮ ਵੀ ਹਾਜ਼ਰ ਸੀ। ਇਸ ਮੌਕੇ ਪ੍ਰਧਾਨ ਰਛਪਾਲ ਸਿੰਘ ਚੀਮਨਾ ਪ੍ਰਿੰਸੀਪਲ ਸਰਬਜੀਤ ਸਿੰਘ ਭੱਟੀ ਦੇਹੜਕਾ, ਮਹਿੰਗਾ ਸਿੰਘ ਮੀਰਪੁਰ ਨੇ ਦੱਸਿਆ ਕਿ ਸਮਾਗਮ ਦੇ ਤੀਜੇ ਦਿਨ 2 ਮਾਰਚ ਦਿਨ ਐਤਵਾਰ ਨੂੰ ਰਾਗੀ, ਢਾਡੀ ਤੇ ਕਵੀਸ਼ਰ ਜੱਥੇ ਸ੍ਰੀ ਗੁਰੂ ਰਵਿਦਾਸ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ ਅਤੇ ਮਹਾਂਪੁਰਖ ਭਾਈ ਕੇਵਲ ਸਿੰਘ ਮੁੱਖ ਸੇਵਾਦਾਰ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਇਤਿਹਾਸ 'ਤੇ ਚਾਨਣਾ ਪਾਉਣਗੇ। ਇਸ ਮੌਕੇ ਕੈਪਟਨ ਗੁਲਜ਼ਾਰ ਸਿੰਘ, ਹੈਪੀ ਲੋਹਟ, ਹਰਪ੍ਰੀਤ ਮਲਕ, ਹਰਪ੍ਰੀਤ ਮੱਲ੍ਹਾ, ਕੁਲਦੀਪ ਲੋਹਟ, ਭੁਪਿੰਦਰ ਮੁਰਲੀ, ਮਹਿੰਦਰ ਸਿੰਘ, ਪਰਮਿੰਦਰ ਸਿੰਘ ਕਾਕਾ, ਹੰਸਰਾਜ, ਪ੍ਰੇਮ ਸਿੰਘ ਲੀਲ, ਸੁਰਜੀਤ ਸਿੰਘ ਨੰਗਲ, ਮਲਕੀਤ ਸਿੰਘ ਹੇਰਾਂ, ਸੰਤੋਖ ਸਿੰਘ ਲੁਧਿਆਣਾ, ਡਾ.ਸੁਰਜੀਤ ਸਿੰਘ ਦੌਧਰ, ਅਜਮੇਰ ਸਿੰਘ ਢੋਲਣ, ਬਲਵੀਰ ਸਿੰਘ, ਜੰਗੀਰ ਸਿੰਘ, ਪ੍ਰਦੀਪ ਕੁਮਾਰ, ਦਰਸ਼ਨ ਸਿੰਘ ਪੋਨਾ ਅਤੇ ਵੱਡੀ ਗਿਣਤੀ 'ਚ ਵੱਖ-ਵੱਖ ਪਿੰਡਾਂ ਤੋਂ ਸੰਗਤਾਂ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਖਾਲਸਾਈ ਬੈਂਡ ਅਤੇ ਫੁੱਲਾਂ ਦੀ ਵਰਖਾ ਕਰਦਿਆਂ ਗੁਰੂ ਸਾਹਿਬ ਦੇ ਮੁਬਾਰਕ ਚਰਨ ਪੁਵਾਏ

# ਬਲਕਾਰ ਸਿੱਧੂ ਨੂੰ ਪਾਰਟੀ ਦਿਖਾਏ ਬਾਹਰ ਦਾ ਰਸਤਾ—ਔਲਖ

ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ):— ਰਾਮਗੜ੍ਹੀਆ ਬਰਾਦਰੀ ਦੇ ਬਰਖਿਲਾਫ਼ ਬਲਕਾਰ ਸਿੱਧੂ ਐਮ.ਐਲ.ਏ ਆਮ ਆਦਮੀ ਪਾਰਟੀ ਵੱਲੋਂ ਬੋਲੇ ਮਾੜੇ ਸ਼ਬਦਾਂ ਦੀ ਆਡੀਓ ਸੁਣ ਕੇ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਵੱਲੋਂ ਚਿਤਾਵਨੀ ਦਿੱਤੀ ਕਿ ਪਾਰਟੀ ਬਲਕਾਰ ਸਿੱਧੂ ਦੀ ਸੰਦਸਤਾ ਰੱਦ ਕਰਕੇ ਪਾਰਟੀ ਤੋਂ ਬਾਹਰ ਦਾ ਰਸਤਾ ਦਿਖਾਏ। ਉਨ੍ਹਾਂ ਕਿਹਾ ਕਿ ਇਹੋ ਜਿਹੇ ਲੋਕਾਂ ਕਰਕੇ ਆਪਸੀ ਭਾਈਚਾਰਕ ਸਾਂਝਾਂ ਖ਼ਤਮ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਰਾਮਗੜ੍ਹੀਆ ਭਾਈਚਾਰੇ ਦਾ ਰੁਤਬਾ ਬਹੁਤ ਵੱਡਾ ਹੈ, ਜਿਸ ਕੌਮ ਵਿੱਚ ਕਈ ਬਹਾਦਰ ਸੂਰਬੀਰ ਯੋਧੇ ਹੋਏ ਜਿਨ੍ਹਾਂ ਦੀਆਂ ਕੁਰਬਾਨੀਆਂ ਦੀ ਮਿਸਾਲ ਰਹਿੰਦੀ ਦੁਨੀਆਂ ਤੱਕ ਪ੍ਰੇਰਨਾਂ ਸਰੋਤ ਬਣੀ ਰਹੇਗੀ। ਗੱਲਬਾਤ ਕਰਦਿਆਂ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਜੇਕਰ ਪਾਰਟੀ ਨੇ ਬਲਕਾਰ ਸਿੱਧੂ ਦੇ ਖਿਲਾਫ ਕਾਰਵਾਈ ਨਾ ਕੀਤੀ ਤਾਂ ਰਾਮਗੜ੍ਹੀਆ ਭਾਈਚਾਰਾ ਰੋਸ ਪ੍ਰਦਰਸ਼ਨ ਤਾਂ ਕਰੇਗਾ ਹੀ ਇਸ ਦਾ ਖਮਿਆਜਾ 2027 ਦੇ ਇਲੈਕਸ਼ਨ ਵਿਚ ਪਾਰਟੀ ਨੂੰ ਭੁਗਤਨਾ ਪਵੇਗਾ। ਉਨ੍ਹਾਂ ਕਿਹਾ ਕਿ ਰਾਮਗੜ੍ਹੀਆ ਸਮਾਜ ਇਹੋ ਜਿਹਾ ਅਪਮਾਨ ਸਹਿਣ ਨਹੀਂ ਕਰੇਗਾ, ਰਾਮਗੜ੍ਹੀਆ ਭਾਈਚਾਰਾ ਜੇ ਕੁਰਸੀਆਂ ਤੇ ਬਿਠਾ ਸਕਦਾ ਹੈ ਤਾਂ ਕੁਰਸੀਆਂ ਤੋਂ ਥੱਲੇ ਲਾਉਣਾ ਵੀ ਚੰਗੀ ਤਰ੍ਹਾਂ ਜਾਣਦਾ ਹੈ। ਇਸ ਮੌਕੇ ਨਿਰਵੈਰ ਸਿੰਘ ਸਿੰਧੀ, ਭਗਵਾਨ ਸਿੰਘ ਦੜਿਆਲਾ, ਹਰਭਜਨ ਸਿੰਘ ਦੜਿਆਲਾ ਜ਼ਿਲ੍ਹਾ ਪ੍ਰਧਾਨ, ਸ਼ਮਸ਼ੇਰ ਸਿੰਘ ਕਲਸੀ, ਮੇਹਰ ਸਿੰਘ ਕਲਸੀ, ਸਰਬਜੀਤ ਸਿੰਘ ਲਾਡੀ, ਸੁਖਵਿੰਦਰ ਸਿੰਘ ਲਾਡੂ, ਸੁਖਚੈਨ ਸਿੰਘ ਖਾਲਸਾ, ਸੰਤੋਖ ਸਿੰਘ ਨਕਸ਼ੇ ਵਾਲੇ, ਕਰਮਜੀਤ ਸਿੰਘ ਸਰਾ, ਅੰਗਰੇਜ਼ ਸਿੰਘ ਫੌਜੀ, ਪਰਮਜੀਤ ਸਿੰਘ ਕਲਸੀ, ਜਸਵਿੰਦਰ ਸਿੰਘ ਨਕਸ਼ੇ ਵਾਲੇ, ਜਸਵਿੰਦਰ ਸਿੰਘ ਹੈਡਰੇ ਵਾਲੇ, ਪਰਮਿੰਦਰ ਸਿੰਘ ਡੀਸੀ, ਭੁਪਿੰਦਰ ਸਿੰਘ ਠੇਠੀ, ਤਜਿੰਦਰ ਸਿੰਘ ਠੇਠੀ, ਹਰਦੀਪ ਸਿੰਘ ਦੜੀਆਲਾ, ਸੁਰਜੀਤ ਸਿੰਘ ਸੱਗੂ, ਪਰਦੀਪ ਸਿੰਘ ਭੁੱਲਰ, ਦਿਦਾਰ ਸਿੰਘ ਵਿਰਦੀ, ਭੁਪਿੰਦਰ ਸਿੰਘ ਪੰਪ ਵਾਲੇ, ਜਸਵਿੰਦਰ ਸਿੰਘ ਚੈਅਰਮੈਨ ਮੱਲਾਂਵਾਲਾ, ਸੁਖਵਿੰਦਰ ਸਿੰਘ ਚਾਨਾ ਜੀਰਾ, ਸੰਤੋਖ ਸਿੰਘ ਜੀਰਾ, ਲਖਵੀਰ ਸਿੰਘ ਡੋਡ, ਅਵਤਾਰ ਸਿੰਘ ਭੁੱਲਰ, ਬਲਦੇਵ ਸਿੰਘ ਦੇਬੀ, ਸੁਖਦੇਵ ਸਿੰਘ ਬੱਬੂ ਆਦਿ ਆਗੂ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ**

# ਅੰਤਰ ਕਾਲਜ ਯੁਵਕ ਮੇਲਾ 2025 ਆਯੋਜਿਤ











**ਬਠਿੰਡਾ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਤਰ ਕਾਲਜ ਯੁਵਕ ਮੇਲਾ-2025 ਆਦੇਸ਼ ਯੂਨੀਵਰਸਿਟੀ ਬਠਿੰਡਾ ਵਿਖੇ ਕਰਵਾਇਆ ਗਿਆ, ਜਿਸ ਵਿੱਚ 50 ਕਾਲਜਾਂ ਦੇ 600 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਦੇ ਕਵਿਤਾ ਉਚਾਰਣ, ਧਾਰਮਿਕ ਕੁਇਜ਼, ਦਸਤਾਰ ਸਜਾਉਣ, ਪੋਸਟਰ ਮੇਕਿੰਗ, ਪੈਰਾ ਰਚਨਾ, ਕਲੇਅ ਮਾਡਲਿੰਗ ਅਤੇ ਰੰਗੋਲੀ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਕੀਰਤਨ ਦੁਆਰਾ ਹੋਈ।ਉਪਰੰਤ ਸ. ਜਤਿੰਦਰਪਾਲ ਸਿੰਘ ਫਾਊਂਡਰ ਮੈਂਬਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਆਏ ਹੋਏ ਸਮੂਹ ਵਿਦਿਆਰਥੀਆਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆ ਆਖਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫਤਿਹਗੜ੍ਹ ਸਾਹਿਬ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਆਦੇਸ਼ ਯੂਨੀਵਰਸਿਟੀ ਬਠਿੰਡਾ ਦੇ ਵਾਈਸ ਚਾਂਸਲਰ ਕਰਨਲ ਜਗਦੇਵ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਡਾ.ਆਰ.ਜੀ ਸੈਣੀ ਰਜਿਸਟਰਾਰ, ਆਦੇਸ਼ ਯੂਨੀਵਰਸਿਟੀ, ਡਾ. ਹਰਕਿਰਨ ਕੌਰ, ਡੀਨ ਫਕਿਲਟੀ ਆਫ਼ ਮੈਡੀਕਲ ਸਾਇੰਸ, ਡਾ. ਸਤਿਅਮ ਸਿੰਘ ਆਦੇਸ਼ ਯੂਨੀਵਰਸਿਟੀ, ਡਾ. ਸਤਨਾਮ ਸਿੰਘ ਕੋਆਰਡੀਨੇਟਰ ਯੂਥ ਅਫੈਅਰਜ਼ ਆਦੇਸ਼ ਯੂਨੀਵਰਸਿਟੀ, ਡਾ.ਅਵੀਨਿੰਦਰਪਾਲ ਸਿੰਘ ਡਾਇਰੈਕਟਰ ਜਨਰਲ ਐਚ.ਆਰ.ਡੀ, ਸ. ਸਿਵਰਾਜ਼ ਸਿੰਘ ਸਟੇਟ ਸਕੱਤਰ ਪੰਜਾਬ, ਸ. ਬਲਵੰਤ ਸਿੰਘ ਜ਼ੋਨਲ ਸਪ੍ਰਸਤ, ਸ. ਰਣਜੀਤ ਸਿੰਘ ਜ਼ੋਨਲ ਪ੍ਰਧਾਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਦੌਰਾਨ ਸਟੱਡੀ ਸਰਕਲ ਵੱਲੋਂ ਕਰਵਾਏ ਗਏ ਨੈਤਿਕ ਇਮਤਿਹਾਨ ਕਾਲਜ 2025 ਵਿੱਚ ਮੈਰਿਟ ਆਉਣ ਵਾਲੇ 60 ਵਿਦਿਆਰਥੀਆ ਨੂੰ ਨਗਦ ਇਨਾਮਾਂ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਵੱਖ-ਵੱਖ ਮੁਕਾਬਲਿਆਂ ਦੇ ਪ੍ਰਾਪਤ ਹੋਏ ਨਤੀਜਿਆਂ ਅਨੁਸਾਰ ਕਵਿਤਾ ਮੁਕਾਬਲੇ ਵਿਚ ਸੁਖਪ੍ਰੀਤ ਕੌਰ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਨੇ ਪਹਿਲਾ ਸਥਾਨ, ਰਜ਼ਨੀ ਸ਼ਰਮਾ ਖਾਲਸਾ ਕਾਲਜ ਆਫ਼ ਐਜੂਕੇਸ਼ਨ ਸ੍ਰੀ ਮੁਕਤਸਰ ਸਾਹਿਬ ਨੇ ਦੂਸਰਾ ਅਤੇ ਹਰਪ੍ਰੀਤ ਕੌਰ ਦਸ਼ਮੇਸ਼ ਗਰਲਜ਼ ਕਾਲਜ ਆਫ਼ ਐਜੂਕੇਸ਼ਨ ਬਾਦਲ ਨੇ ਤੀਸਰਾ ਸਥਾਨ ਹਾਸਲ ਕੀਤਾ। ਕੁਇਜ਼ ਮੁਕਾਬਲੇ ਵਿਚ ਬਾਬਾ ਫਰੀਦ ਲਾਅ ਕਾਲਜ਼ ਫਰੀਦਕੋਟ ਦੀ ਟੀਮ ਨੇ ਪਹਿਲਾ, ਸਰਕਾਰੀ ਬਰਜਿੰਦਰਾ ਕਾਲਜ਼ ਫਰੀਦਕੋਟ ਨੇ ਦੂਸਰਾ ਅਤੇ ਪੰਜਾਬੀ ਯੂਨੀ. ਡਿਗਰੀ ਕਾਲਜ ਘੁੱਦਾ (ਬਠਿੰਡਾ) ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਕਲੇਅ ਮਾਡਲਿੰਗ ਮੁਕਾਬਲੇ ਵਿਚ ਕਮਲਪ੍ਰੀਤ ਕੌਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਨੇ ਪਹਿਲਾ ਸਥਾਨ, ਹਰਫੂਲ ਸਿੰਘ ਵੈਟਨਰੀ ਸਾਇੰਸ ਕਾਲਜ ਰਾਮਪੁਰਾ ਫੂਲ ਨੇ ਦੂਸਰਾ ਸਥਾਨ ਅਤੇ ਬਾਦਲ ਸਿੰਘ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਨੇ ਤੀਸਰਾ ਸਥਾਨ ਹਾਸਲ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿਚ ਰਾਜਪਾਲ ਸਿੰਘ, ਸਰਕਾਰੀ ਕਾਲਜ ਆਫ਼ ਆਰਟ ਚੰਡੀਗੜ੍ਹ ਨੇ ਪਹਿਾਲਾ ਸਥਾਨ, ਭੂਮਿਕਾ ਐਸ.ਡੀ. ਗਰਲਜ਼ ਕਾਲਜ ਬਠਿੰਡਾ ਨੇ ਦੂਸਰਾ ਸਥਾਨ, ਅਰਸੀਨ ਕੌਰ ਪੀ.ਏ.ਯੂ ਇੰਸਟੀਚਿਊਟ ਆਫ਼ ਐਗਰੀਕਲਚਰ ਬਠਿੰਡਾ ਨੇ ਤੀਸਰਾ ਸਥਾਨ ਹਾਸਲ ਕੀਤਾ।ਦਸਤਾਰ ਸਜਾਉਣ ਮੁਕਾਬਲਾ ਲੜਕਿਆਂ ਵਿਚ ਮਿੱਠੂ ਸਿੰਘ ਆਈ.ਟੀ.ਆਈ ਬਠਿੰਡਾ ਨੇ ਪਹਿਲਾ ਸਥਾਨ, ਸੁਖਵਿੰਦਰ ਸਿੰਘ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਨੇ ਦੂਸਰਾ ਸਥਾਨ ਅਤੇ ਮਨਪ੍ਰੀਤ ਸਿੰਘ ਆਦੇਸ਼ ਇੰਸਟੀਚਿਊਟ ਆਫ਼ ਡੈਂਟਲ ਸਾਇੰਸਜ਼ ਅਤੇ ਰਿਸਰਚ ਬਠਿੰਡਾ ਨੇ ਤੀਸਰਾ ਸਥਾਨ ਹਾਸਲ ਕੀਤਾ। ਦਸਤਾਰ ਸਜਾਉਣ ਮੁਕਾਬਲਾ ਲੜਕੀਆਂ ਵਿਚ ਮਨਪ੍ਰੀਤ ਕੌਰ ਸਟੇਟ ਇੰਸਟੀਚਿਊਟ ਆਫ ਪੈਰਾਮੈਡੀਕਲ ਸਾਇੰਸ ਬਾਦਲ ਨੇ ਪਹਿਲਾ ਸਥਾਨ, ਸਿਮਰਨਜੀਤ ਕੌਰ ਅਤੇ ਸੁਖਸਿਮਰਨ ਕੌਰ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ ਨੇ ਕ੍ਰਮਵਾਰ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕੀਤਾ। ਰੰਗੋਲੀ ਮੁਕਾਬਲੇ ਵਿਚ ਅਲੀਸ਼ਾ, ਦਸ਼ਮੇਸ਼ ਖਾਲਸਾ ਕਾਲਜ ਸ੍ਰੀ ਮੁਕਤਸਰ ਸਾਹਿਬ ਨੇ ਪਹਿਲਾ ਸਥਾਨ, ਅਰਸ਼ਪ੍ਰੀਤ ਤੇ ਦੀਪਾਲੀ ਖਾਲਸਾ ਕਾਲਜ ਆਫ਼ ਐਜੂਕੇਸ਼ਨ, ਸ੍ਰੀ ਮੁਕਤਸਰ ਸਾਹਿਬ ਨੇ ਦੂਸਰਾ ਸਥਾਨ ਅਤੇ ਅੰਕਿਤਾ ਤੇ ਕਿਰਨਦੀਪ ਕੌਰ, ਦਸ਼ਮੇਸ਼ ਗਰਲਜ਼ ਕਾਲਜ ਬਾਦਲ ਨੇ ਤੀਸਰਾ ਸਥਾਨ ਹਾਸਲ ਕੀਤਾ। ਪੈਰ੍ਹਾ ਲਿਖਣ ਮੁਕਾਬਲੇ ਵਿਚ ਮਨਜਿੰਦਰ ਕੌਰ, ਦੇਸ਼ ਭਗਤ ਪੰਡਤ ਚੇਤਨ ਦੇਵ ਕਾਲਜ ਆਫ਼ ਐਜੂਕੇਸ਼ਨ ਫਰੀਦਕੋਟ ਨੇ ਪਹਿਲਾ ਸਥਾਨ, ਨਿਹਾਰਕਾ ਸ਼ਰਮਾ ਐਸ.ਐਸ.ਡੀ ਗਰਲਜ਼ ਕਾਲਜ ਬਠਿੰਡਾ ਨੇ ਦੂਸਰਾ ਸਥਾਨ, ਜਸਪਿੰਦਰ ਕੌਰ ਕਾਲਜ ਆਫ਼ ਵੈਟਨਰੀ ਸਾਇੰਸ ਰਾਮਪੁਰਾ ਫੂਲ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਤ ਵਿੱਚ ਜੇਤੂ ਵਿਦਿਆਰਥੀਆਂ ਅਤੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ੍ਹ ਚਿੰਨ ਭੇਂਟ ਕੀਤੇ ਗਏ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਪੰਜਾਬੀ ਵਿਰਾਸਤ ਗੁਰਮੁਖੀ ਪ੍ਰਦਰਸ਼ਨੀ, ਸਾਹਿਤ ਪ੍ਰਦਰਸ਼ਨੀ ਅਤੇ ਸੈਲਫੀ. ਪੁਆਇੰਟ ਪ੍ਰਦਰਸ਼ਨੀ ਵੀ ਲਗਾਈ ਗਈ। ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿਚ ਮੈਕ ਲਾਈਫ਼ ਪ੍ਰੋਡਿਊਸਰ ਕੰਪਨੀ ਲਿਮਟਿਡ, ਮੈਕ ਲਾਈਫ਼ ਡੇਅਰੀ ਦੇ ਵਿਸ਼ੇਸ਼ ਸਹਿਯੋਗ ਤੋਂ ਇਲਾਵਾ ਨਵਨੀਤ ਸਿੰਘ ਕੋਟਕਪੂਰਾ, ਗੁਰਚਰਨ ਸਿੰਘ ਜੈਤੋ ਜ਼ੋਨਲ ਸਕੱਤਰ, ਬਲਵੰਤ ਸਿੰਘ ਕਾਲਝਰਾਣੀ, ਸਤਵੀਰ ਸਿੰਘ ਬਾਘਾ ਪੁਰਾਣਾ ਦਾ ਭਰਪੂਰ ਯੋਗਦਾਨ ਰਿਹਾ।

**50 ਕਾਲਜਾਂ ਦੇ 600 ਵਿਦਿਆਰਥੀ ਹੋਏ ਸ਼ਾਮਿਲ**

# ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਤਲਵੰਡੀ ਸਾਬੋ ਵਿਖੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ





ਤਲਵੰਡੀ ਸਾਬੋ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਦੇ ਇੰਜੀਨੀਅਰਿੰਗ ਅਤੇ ਹੁਨਰ ਵਿਕਾਸ ਕਲੱਬ ਵੱਲੋਂ ਵਿਭਾਗ ਦੇ ਪ੍ਰੀ-ਫਾਇਨਲ ਵਿਦਿਆਰਥੀਆਂ ਲਈ ਹੁਨਰ ਵਿਕਾਸ, ਸਟਾਰਟਅੱਪਸ ਅਤੇ ਓਂਟਰਪ੍ਰਿਨਿਊਰਸ਼ਿਪ ਵਿਸ਼ੇ 'ਤੇ ਜਾਣਕਾਰੀ ਅਤੇ ਭੂਮਿਕਾ ਬਾਰੇ ਸਮਝ ਪੈਦਾ ਕਰਨ ਲਈ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਸ. ਸਰਬਜੀਤ ਜੀਤ ਮੈਨੇਜਿੰਗ ਡਾਇਰੈਕਟਰ ਲਹਿਰਾ ਫਿਊਲ ਟੈਕ ਲਿਮਟਿਡ ਲਹਿਰਾ ਵਰਕਸ਼ਾਪ ਦੇ ਮਾਹਿਰ ਬੁਲਾਰੇ ਸਨ।ਵਰਕਸ਼ਾਪ ਦੇ ਚੇਅਰਪਰਸਨ ਪ੍ਰੋ. ਸਿੰਪਲ ਜਿੰਦਲ ਨੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਲਈ ਓਂਟਰਪ੍ਰਿਨਿਊਰਸ਼ਿਪ ਦੀ ਭੂਮਿਕਾ ਮੁੱਖ ਤੌਰ 'ਤੇ ਮਹੱਤਵਪੂਰਨ ਹੈ। ਪ੍ਰੋ. ਕਮਲਜੀਤ ਸਿੰਘ ਡਾਇਰੈਕਟਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਨੇ ਵਿਦਿਆਰਥੀਆਂ ਨੂੰ ਬਿਹਤਰ ਜੀਵਨ-ਜਾਚ ਲਈ ਹੁਨਰ ਵਿਕਾਸ ਦੇ ਸਾਧਨ ਪੈਦਾ ਕਰਨ ਲਈ ਪ੍ਰੇਰਿਤ ਕਰਨ ਦਾ ਸੁਨੇਹਾ ਪਹੁੰਚਾਇਆ ਕੀਤਾ। ਵਰਕਸ਼ਾਪ ਦੇ ਕੋਆਰਡੀਨੇਟਰ ਡਾ. ਗਗਨਦੀਪ ਕੌਸ਼ਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਲਗਭਗ 85 ਵਿਦਿਆਰਥੀਆਂ/ਫੈਕਲਟੀ ਨੇ ਭਾਗ ਲਿਆ ਅਤੇ ਅਜਿਹੇ ਪ੍ਰੋਗਰਾਮਾਂ ਤੋਂ ਸਿੱਖ ਕੇ ਸਰਕਾਰਾਂ ਦੀਆਂ ਪਹਿਲਕਦਮੀਆਂ ਅਨੁਸਾਰ ਭਾਰਤੀ ਸਟਾਰਟ-ਅੱਪਸ ਦੀ ਤਰੱਕੀ ਕੀਤੀ ਜਾ ਸਕਦੀ ਹੈ। ਪ੍ਰੋ. ਬਲਰਾਜ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਸਟਾਰਟਅੱਪ ਦੇ ਸੰਭਾਵੀ ਲਾਭਾਂ ਬਾਰੇ ਪ੍ਰੇਰਿਤ ਕੀਤਾ ਅਤੇ ਮਾਰਗਦਰਸ਼ਨ ਕੀਤਾ।ਵਰਕਸ਼ਾਪ ਦੇ ਸਹਾਇਕ-ਕੋਆਰਡੀਨੇਟਰ ਇੰਜ.ਗਗਨਪ੍ਰੀਤ ਸੰਧੂ ਨੇ ਸਾਰੇ ਡੈਲੀਗੇਟਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਹੋਈ ਹੰਗਾਮੀ ਮੀਟਿੰਗ



**ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ)** :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਫਿਰੋਜਪੁਰ ਦੀ ਮਹੀਨਾਵਾਰ ਮੀਟਿੰਗ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ। ਇਸ ਦੌਰਾਨ ਸਾਰੇ ਹੀ ਬਲਾਕਾਂ ਦੇ ਜੁਝਾਰੂ ਸਾਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਪੰਜ ਮਾਰਚ 2025 ਨੂੰ ਚੰਡੀਗੜ੍ਹ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਲਈ ਵਿਸ਼ੇਸ਼ ਤੌਰ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਵੱਲੋਂ ਕੌਮੀ ਖੇਤੀ ਨੀਤੀ ਖਰੜੇ ਨੂੰ ਸੈਸ਼ਨ ਵਿੱਚ ਰੱਦ ਕਰ ਦਿੱਤਾ ਹੈ ਪਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਪੂਰਾ ਕਰਨ ਲਈ ਜਿਸ ਵਿੱਚ ਦਸ ਫਸਲਾਂ ਉੱਪਰ ਐਮ.ਐਸ.ਪੀ ਦਾ ਗਰੰਟੀ ਕਾਨੂੰਨ ਸਮੁੱਚੇ ਪੰਜਾਬ ਦੇ ਲੋਕਾਂ ਦੀ ਕਰਜਾ ਮੁਆਫੀ 60 ਸਾਲ ਤੋਂ ਉੱਪਰ ਬਜ਼ੁਰਗਾਂ ਦੀ 10 ਹਜਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਚਿੱਪ ਵਾਲੇ ਮੀਟਰ ਲੌਨ ਦੇ ਸਬੰਧ ਵਿੱਚ ਹਜ਼ਾਰ ਰੁਪਏ ਪ੍ਰਤੀ ਮਹੀਨਾ ਹਰ ਇੱਕ ਔਰਤ ਨੂੰ ਦੇਣ ਲਈ ਨਸ਼ਾ ਅਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਨੱਥ ਪਾਉਣ ਸਬੰਧੀ ਅਤੇ ਹੋਰ ਕਈ ਮੰਗਾਂ ਨੂੰ ਲੈ ਕੇ ਜਿਲਾ ਫਿਰੋਜ਼ਪੁਰ ਵੱਲੋਂ 4 ਮਾਰਚ ਨੂੰ ਸੈਂਕੜੇ ਕਿਸਾਨਾਂ ਸਮੇਤ ਟਰੈਕਟਰ ਟਰਾਲੀਆਂ ਅਤੇ ਕਾਰਾਂ ਬੱਸਾਂ ਰਾਹੀਂ ਮਾਰਚ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਕਿਸਾਨਾਂ ਨੇ ਕਿਹਾ ਕਿ ਪੱਤਰਕਾਰ ਮਨਿੰਦਰਜੀਤ ਸਿੰਘ ਸਿੱਧੂ ਜੋ ਕਿ ਆਪਣੀਆਂ ਪੋਸਟਾਂ ਰਾਹੀਂ ਲੋਕਾਂ ਦੇ ਪੱਖ ਵਿੱਚ ਸਰਕਾਰੀ ਧੱਕੇਸ਼ਾਹੀਆਂ ਦੇ ਖਿਲਾਫ ਬੋਲਦਾ ਰਿਹਾ ਹੈ ਅਤੇ ਉਸ ਦੀਆਂ ਕਾਰਵਾਈਆਂ ਸਰਕਾਰ ਨੂੰ ਰੜਕਦੀਆਂ ਹਨ ਇਸ ਲਈ ਆਮ ਆਦਮੀ ਸਰਕਾਰ ਨੇ ਉਸ ਦੇ ਖਿਲਾਫ ਕੇਸ ਦਰਜ ਕਰਕੇ ਉਸ ਦੀ ਜੁਬਾਨ ਬੰਦ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਕੀਤੇ ਹੋਏ ਝੂਠੇ ਕੇਸ ਵਾਪਸ ਨਹੀਂ ਕਰਦੀ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਵੱਡਾ ਸੰਘਰਸ਼ ਉਲੀਕਿਆ ਜਾਵੇਗਾ, ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਅੰਤ ਵਿੱਚ ਮੀਟਿੰਗ ਵਿੱਚ ਪਹੁੰਚੇ ਹੋਏ ਸਾਰੇ ਸਾਥੀਆਂ ਦਾ ਜ਼ਿਲਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰਵੱਛਾ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜਿਲਾ ਮੀਤ ਪ੍ਰਧਾਨ ਬਗੀਚਾ ਸਿੰਘ, ਜ਼ਿਲ੍ਹਾ ਖਜਾਨਚੀ ਜਤਿੰਦਰ ਸਿੰਘ ਕੜਮਾ, ਜ਼ਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲ੍ਹਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਪ੍ਰੀਤਮ ਸਿੰਘ ਚੰਦੜ, ਜਗਤਾਰ ਸਿੰਘ, ਸੁਬੇਗ ਸਿੰਘ ਸਹਾਇਕ ਸਕੱਤਰ ਨਿਰਮਲ ਸਿੰਘ, ਬਲਵੰਤ ਸਿੰਘ, ਸਾਹਿਬ ਸਿੰਘ, ਸੁਖਜਿੰਦਰ ਸਿੰਘ ਚੰਦੜ ਜਨਰਲ ਸਕੱਤਰ ਜਸਪਾਲ ਉੱਪਲ, ਜਸਪਾਲ ਸਿੰਘ ਰਾਮੇਵਾਲਾ, ਹਰਬੰਸ ਸਿੰਘ ਬਲਾਕ ਜਨਰਲ ਸਕੱਤਰ ਮਮਦੋਟ ਬਲਕਾਰ ਸਿੰਘ ਜੋਧਪੁਰ ਬਲਾਕ ਪ੍ਰਧਾਨ ਮਮਦੋਟ ਗੁਰਜੀਤ ਸਿੰਘ, ਸਤਨਾਮ ਚੰਦ ਸੰਧਾ ਬਲਾਕ ਖਜਾਨਚੀ ਗੁਰੂਹਰਸਹਾਏ ਦੋ ਸਤਨਾਮ ਚੰਦ ਇਕਾਈ ਪ੍ਰਧਾਨ ਪੰਜੇ ਕੇ ਸੁਖਦੇਵ ਢੋਟ ਬਲਾਕ ਪ੍ਰਧਾਨ ਗੁਰੂਹਰਸਹਾਇ ਦੋ ਬਲਾਕ ਸੋਨੂ ਪੰਜੇ ਕੇ ਗੁਰਬਖਸ਼ ਸਿੰਘ, ਰਮਣ ਕੁਮਾਰ, ਸ਼ਾਮ ਲਾਲ, ਬਲਵਿੰਦਰ ਕੁਮਾਰ, ਜੋਗਿੰਦਰ ਸਿੰਘ ਨੂਰਪੁਰ, ਮੰਗਲ ਦਾਸ ਢੋਟ, ਸੇਵਾ ਸਿੰਘ, ਮਨੋਹਰ ਸਿੰਘ, ਨਿਰਮਲ ਸਿੰਘ, ਗੁਰਚਰਨ ਸਿੰਘ ਨਾਜੂਸ਼ਾਹ ਵਾਲਾ ਬਲਾਕ ਜਨਰਲ ਸਕੱਤਰ ਜੀਰਾ ਮੁਖਤਿਆਰ ਸਿੰਘ, ਸੁਰਜੀਤ ਸਿੰਘ, ਗੁਰਮੀਤ ਸਿੰਘ ਰਾਮੇਵਾਲਾ, ਮੇਜਰ ਸਿੰਘ ਕਮਾਲੇਵਾਲਾ, ਬਖਸ਼ੀਸ਼ ਸਿੰਘ ਕਿਲਚੇ, ਮਹਿੰਦਰ ਸਿੰਘ, ਦਲਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਮਮਦੋਟ ਸੁਖਬਾਜ ਸਿੰਘ ਸ਼ਾਹਦੀਨ ਵਾਲਾ, ਗੁਰਬਚਨ ਸਿੰਘ, ਮੁਨਸ਼ਾ ਸਿੰਘ ਬਲਾਕ ਪ੍ਰਧਾਨ ਮਖੂ ਪਰਨੀਤ ਸਿੰਘ ਬਲਾਕ ਪ੍ਰਧਾਨ ਜੀਰਾ ਲਾਲਾ ਇਕਾਈ ਭੜਾਣਾ ਗੁਰਪ੍ਰੀਤ ਸਿੰਘ ਇਕਾਈ ਮੀਤ ਪ੍ਰਧਾਨ ਭੜਾਣਾ ਸੇਵਾ ਸਿੰਘ ਇਕਾਈ ਭੜਾਣਾ ਗੁਰਸੇਵਕ ਸਿੰਘ ਇਕਾਈ ਭੜਾਣਾ ਗੁਰਦੀਪ ਸਿੰਘ ਗੁਰਨਾਮ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਾਟ ਸਮਾਜ ਸਮਾਜਿਕ ਭਲਾਈ, ਸੱਭਿਆਚਾਰਕ ਸੰਭਾਲ ਅਤੇ ਭਾਰਤ ਦੀ ਏਕਤਾ ਨੂੰ ਉਤਸ਼ਾਹਿਤ ਕਰਨ ਵਿੱਚ

# ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ : ਸ. ਮਲਕੀਤ ਸਿੰਘ ਬੱਲ





**ਚੌਕ ਮਹਿਤਾ, 28 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਾਟ ਸਮਾਜ ਵਲੋ ਨਵੀਂ ਮੁੰਬਈ ਦੇ ਵਾਸ਼ੀ ਵਿੱਚ ਸਥਿਤ ਸਿਡਕੋ ਪ੍ਰਦਰਸ਼ਨੀ ਆਡੀਟੋਰੀਅਮ ਵਿਖੇ ਆਪਣੇ ਗੋਲਡਨ ਜੁਬਲੀ ਸਮਾਰੋਹਾਂ ਦੇ ਨਾਲ ਇੱਕ ਇਤਿਹਾਸਕ ਮੀਲ ਪੱਥਰ ਮਨਾਇਆ, ਜਿਸ ਵਿੱਚ 50 ਸਾਲਾਂ ਦੀ ਏਕਤਾ, ਵਿਰਾਸਤ ਅਤੇ ਸਮਾਜਿਕ ਯੋਗਦਾਨ ਦੀ ਯਾਦ ਵਿੱਚ ਸ਼ਿਰਕਤ ਕੀਤੀ ਗਈ। ਇਸ ਸ਼ਾਨਦਾਰ ਸਮਾਗਮ ਵਿੱਚ ਦੇਸ਼ ਭਰ ਦੇ ਉੱਘੇ ਪਤਵੰਤਿਆਂ, ਭਾਈਚਾਰਕ ਆਗੂਆਂ ਅਤੇ ਵਿਸ਼ੇਸ਼ ਮਹਿਮਾਨਾਂ ਦੀ ਮੌਜੂਦਗੀ ਦੇਖਣ ਨੂੰ ਮਿਲੀ ਇਸ ਮੌਕੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਕਾਰਜਕਾਰੀ ਚੇਅਰਮੈਨ ਸ. ਮਲਕੀਤ ਸਿੰਘ ਬੱਲ ਸ਼ਾਮਲ ਹੋਏ ਉਨਾਂ ਸਮਾਜ ਵਿੱਚ ਜਾਟ ਸਮਾਜ ਦੇ ਸ਼ਾਨਦਾਰ ਯੋਗਦਾਨ ਲਈ ਉਨ੍ਹਾਂ ਨੂੰ ਦਿਲੋਂ ਵਧਾਈ ਦਿੱਤੀ ਅਕਾਦਮੀ ਦੀ ਨੁਮਾਇੰਦਗੀ ਕਰਦੇ ਹੋਏ, ਉਨ੍ਹਾਂ ਨੇ ਸਮਾਜ ਭਲਾਈ, ਸੱਭਿਆਚਾਰਕ ਸੰਭਾਲ ਅਤੇ ਏਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਭਾਈਚਾਰੇ ਦੀ ਭੂਮਿਕਾ 'ਤੇ ਚਾਨਣਾ ਪਾਇਆ। ਸ. ਮਲਕੀਤ ਸਿੰਘ ਬੱਲ, ਕਾਰਜਕਾਰੀ ਚੇਅਰਮੈਨ ਨੂੰ ਜਾਟ ਸਮਾਜ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਜਿਸ ਨਾਲ ਇਹ ਬਹੁਤ ਮਾਣ ਅਤੇ ਖੁਸ਼ੀ ਦਾ ਪਲ ਬਣ ਗਿਆ ਇਸ ਸਮਾਗਮ ਵਿੱਚ ਕਈ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ, ਜਿਨ੍ਹਾਂ ਵਿੱਚ ਮੁੱਖ ਮਹਿਮਾਨ ਸ਼ੀ ਹਨੂੰਮਾਨ ਬੇਨੀਵਾਲ, ਸੰਸਦ ਮੈਂਬਰ, ਨਾਗੌਰ ਰਾਜਸਥਾਨ ਅਤੇ ਪ੍ਰਧਾਨ ਆਰ.ਐਲ.ਪੀ., ਸ਼੍ਰੀ. ਧਰਮਬੀਰ ਸਿੰਘ, ਸੰਸਦ ਮੈਂਬਰ ਭਿਵਾਨੀ, ਸ਼੍ਰੀ. ਮੰਦਾ ਤਾਈ ਮਹਾਤਰੇ, ਵਿਧਾਇਕ ਬੇਲਾਪੁਰ, ਸ਼੍ਰੀ. ਪ੍ਰਸ਼ਾਂਤ ਠਾਕੁਰ, ਵਿਧਾਇਕ ਪਨਵੇਲ, ਸ਼੍ਰੀ. ਚਰਨ ਸਿੰਘ ਠਾਕੁਰ ਵਿਧਾਇਕ ਕਟੋਲ, ਸ਼੍ਰੀ. ਦਿਗਵਿਜੇ ਚੌਟਾਲਾ, ਜਨਰਲ ਸਕੱਤਰ ਜੇ.ਜੇ.ਪੀ, ਸ਼੍ਰੀ. ਧਰਮਪਾਲ ਕਲਵਾਨੀਆ, ਪ੍ਰਧਾਨ ਜਾਟ ਸਮਾਜ, ਸ਼ਮਸ਼ੇਰ ਸਿੰਘ ਪਵਾਰ, ਚੇਅਰਮੈਨ ਆਯੋਜਕ ਕਮੇਟੀ ਸਮੇਤ ਕਈ ਹੋਰ ਕਾਰਪੋਰੇਟ ਅਤੇ ਪਤਵੰਤੇ ਸ਼ਾਮਲ ਸਨ। ਜਸ਼ਨਾਂ ਵਿੱਚ ਪ੍ਰੇਰਨਾਦਾਇਕ ਭਾਸ਼ਣ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਜਾਟ ਸਮਾਜ ਦੀ ਵਿਰਾਸਤ ਨੂੰ ਸ਼ਰਧਾਂਜਲੀ ਦਿੱਤੀ ਗਈ। ਆਗੂਆਂ ਨੇ ਸਮਾਜਿਕ ਸਸ਼ਕਤੀਕਰਣ, ਸਿੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਭਾਈਚਾਰੇ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਗੋਲਡਨ ਜੁਬਲੀ ਸਮਾਰੋਹ ਭਾਈਚਾਰਕ ਬੰਧਨਾਂ ਨੂੰ ਮਜ਼ਬੂਤ ਕਰਨ ਅਤੇ ਪਰਉਪਕਾਰੀ ਪਹਿਲਕਦਮੀਆਂ ਨੂੰ ਜਾਰੀ ਰੱਖਣ ਦੀ ਨਵੀਂ ਵਚਨਬੱਧਤਾ ਨਾਲ ਸਮਾਪਤ ਹੋਇਆ, ਇਹ ਯਕੀਨੀ ਬਣਾਇਆ ਗਿਆ ਕਿ ਜਾਟ ਸਮਾਜ ਆਉਣ ਵਾਲੀਆਂ ਪੀੜ੍ਹੀਆਂ ਲਈ ਤਰੱਕੀ ਦਾ ਚਾਨਣ ਮੁਨਾਰਾ ਬਣਿਆ ਰਹੇ।

ਦਿਵਿਆਂਗਜਨਾਂ ਤੇ ਬਜੁਰਗਾਂ ਨੂੰ ਸਹਾਇਤਾ ਉਪਕਰਨ ਮੁੱਹਈਆ ਕਰਵਾਉਣ ਸੰਬੰਧੀ ਮੁਲਾਂਕਣ ਕੈਂਪ ਦੌਰਾਨ

# ਕੈਬਨਿਟ ਮੰਤਰੀ ਸ: ਈ.ਟੀ.ਓ. ਨੇ ਕੈਂਪ ਦਾ ਲਿਆ ਜਾਇਜਾ

ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ) ਅੱਜ ਜੰਡਿਆਲਾ ਗੁਰੂ ਵਿਖੇ ਸਥਿਤ ਰਘੂਨਾਨ ਡਲਿਆਨਾ ਮੰਦਿਰ ਵਿਖੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸੀ ਸਾਹਨੀ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਅਲਿਮਕੋ ਦੇ ਸ਼ਿਹਯੋਗ ਸਦਕਾ ਦਿਵਿਆਂਗਜਨਾਂ ਅਤੇ ਬਜੁਰਗਾਂ ਨੂੰ ਬਣਾਉਟੀ ਅੰਗ ਅਤੇ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਸੰਬੰਧੀ ਵਿਸੇਸ਼ ਮੁਲਾਂਕਣ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਪੁੱਜੇ ਅਤੇ ਮੁਲਾਂਕਣ ਕੈਂਪ ਦਾ ਜਾਇਜਾ ਲਿਆ। ਸ: ਈ.ਟੀ.ਓ. ਨੇ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਦਿਵਿਆਂਗ ਲੋਕ ਹਾਜ਼ਰ ਹੋਏ ਹਨ ਅਤੇ ਇਨਾਂ ਸਾਰੇ ਦਿਵਿਆਂਗ ਵਿਅਕਤੀਆਂ ਨੂੰ ਅਲਿਮਕੋ ਦੇ ਸਹਿਯੋਗ ਨਾਲ ਸਹਾਇਕ ਉਪਰਕਨ ਮੁਹੱਈਆ ਕਰਵਾਏ ਜਾਣਗੇ। ਉਨਾਂ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਆਏ ਹੋਏ ਦਿਵਿਆਂਗ ਵਿਅਕਤੀਆਂ ਨੂੰ ਲੋੜ ਅਨੁਸਾਰ ਦਿੱਤੇ ਜਾਣ ਵਾਲੇ ਸਹਾਇਕ ਉਪਕਰਨਾਂ ਦਾ ਮਾਪ ਲੈ ਲਿਆ ਗਿਆ ਹੈ ਅਤੇ ਜਲਦੀ ਹੀ ਇਨਾਂ ਨੂੰ ਇਹ ਸਹਾਇਕ ਉਪਕਰਨ ਮੁਹੱਈਆ ਕਰਵਾ ਦਿੱਤੇ ਜਾਣਗੇ।ਸ: ਈ.ਟੀ.ਓ. ਨੇ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਵੱਖ ਵੱਖ ਵਰਗਾਂ ਦੇ ਕਰੀਬ 92 ਲਾਭਪਾਤਰੀਆਂ ਨੂੰ ਸੂਚੀਬੱਧ ਕੀਤਾ ਗਿਆ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਅਲਿਮਕੋ ਦੇ ਸਹਿਯੋਗ ਨਾਲ ਜ਼ਿਲ੍ਹੇ ਅੰਦਰ ਕੁੱਲ 6 ਕੈਂਪ ਲਗਾਏ ਜਾਣਗੇ ਜਿੰਨਾਂ ਦੀ ਅੱਜ ਸ਼ੁਰੂਆਤ ਹੋਈ ਹੈ। ਸ: ਈਟੀਓ ਨੇ ਦੱਸਿਆ ਕਿ ਕੈਂਪ ਦੌਰਾਨ ਬੈਟਰੀ ਆਧਾਰਿਤ ਟਰਾਈ ਸਾਈਕਲ ਲਈ 5, ਕੈਲੀਪਰ ਲਈ 12, ਸੁਨਣ ਵਾਲੀ ਕੰਨਾਂ ਦੀਆਂ ਮਸ਼ੀਨਾਂ 16, ਵਹੀਲ ਚੇਅਰ 12, ਵਾਕਿੰਗ ਸਟਿਕ 5, ਟਰਾਈ ਸਾਈਕਲ 12, ਟੀ.ਐਲ.ਐਮ. ਕਿੱਟ 2, ਵਾਕਰ 4 ਆਦਿ ਸਮਾਨ ਮੁਹੱਈਆ ਕਰਵਾਉਣ ਲਈ ਲਾਭਪਾਤਰੀਆਂ ਦੇ ਨਾਂ ਆਨਲਾਈਨ ਕੀਤੇ ਗਏ।



**ਉਪਕਰਨ ਮੁਹੱਈਆ ਕਰਵਾਉਣ ਲਈ 92 ਲਾਭਪਾਤਰੀਆਂ ਨੂੰ ਸੂਚੀਬੱਧ ਕੀਤਾ 1 ਮਾਰਚ ਨੂੰ ਸਰਕਾਰੀ ਸੀ.ਸੈ.ਸਕੂਲ ਮਜੀਠਾ ਵਿਖੇ ਲਗੇਗਾ ਕੈਂਪ - ਡਿਪਟੀ ਕਮਿਸ਼ਨਰ**

ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 3 ਮਾਰਚ ਨੂੰ ਸਰਕਾਰੀ ਸੀ.ਸੈ.ਸਕੂਲ, ਲੜਕੇ ਅਜਨਾਲਾ, 4 ਮਾਰਚ ਨੂੰ ਮਾਤਾ ਗੰਗਾ ਸੀ.ਸੈ. ਸਕੂਲ ਬਾਬਾ ਬਕਾਲਾ, 5 ਮਾਰਚ ਨੂੰ ਸਰਕਾਰੀ ਸੀ.ਸੈ.ਸਕੂਲ ਅਟਾਰੀ ਅਤੇ 6 ਮਾਰਚ ਨੂੰ ਪੰਜਾਬ ਇੰਸਟੀਟਿਊਸ਼ਨ ਆਫ ਟੈਕਸਟਾਈਲਸ ਟੈਕਨੋਲਾਜੀ ਛੇਹਰਟਾ ਵਿਖੇ ਅਲੀਮਕੋ ਵਲੋਂ ਸਾਰੇ ਕੈਂਪ ਸਵੇਰੇ 9 ਵਜੇ ਤੋਂ 4 ਵਜੇ ਤੱਕ ਲਗਾਏ ਜਾਣਗੇ। ਜਿਥੇ ਮਾਹਿਰਾਂ ਵਲੋਂ ਹਰੇਕ ਲੋੜਵੰਦ ਵਿਅਕਤੀ ਨੂੰ ਦਿੱਤੀ ਜਾਣ ਵਾਲੇ ਬਣਾਉਟੀ ਅੰਗ ਦਾ ਸਾਈਜ ਲਿਆ ਜਾਵੇਗਾ ਅਤੇ ਫਿਰ ਇਹ ਅੰਗ ਤਿਆਰ ਕਰਕੇ ਉਕਤ ਵਿਅਕਤੀ ਨੂੰ ਦਿੱਤੇ ਜਾਣਗੇ। ਉਨਾਂ ਸਮੂਹ ਦਿਵਿਆਂਗਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਨਾਂ ਕੈਂਪਾਂ ਵਿੱਚ ਜ਼ਰੂਰ ਪਹੁੰਚਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੰਡਿਆਲਾ ਗੁਰੂ ਦੇ ਸ਼ਹਿਰੀ ਪ੍ਰਧਾਨ ਸ: ਸਰਬਜੀਤ ਸਿੰਘ ਡਿੰਪੀ, ਸ੍ਰੀਮਤੀ ਸੁਨੈਨਾ ਰੰਧਾਵਾ, ਸ: ਸਤਿੰਦਰ ਸਿੰਘ, ਨਾਇਬ ਤਹਿਸੀਲਦਾਰ ਹਿਰਦੈਪਾਲ ਸਿੰਘ, ਧਰਮਿੰਦਰ ਸਿੰਘ ਗਿੱਲ ਜ਼ਿਲ੍ਹਾ ਕੈਂਪ ਇੰਚਾਰਜ, ਸੁਖਪਾਲ ਸਿੰਘ ਸੰਧੂ ਜ਼ਿਲ੍ਹਾ ਕੰਟਰੋਲ ਰੂਮ ਇੰਚਾਰਜ, ਪਰਮਿੰਦਰ ਸਿੰਘ ਸਰਪੰਚ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਸਖਿਰਾਜ ਸਿੰਘ ਡੀ.ਐਸ.ਈ., ਪੁਨੀਤ ਪੀ.ਓ. ਅਫਸਰ ਅਲਿਮਕੋ, ਹਿਤੇਸ਼ ਤਕਨੀਕੀ ਨਿਰਦੇਸ਼ਕ, ਰੋਹਿਤ, ਸੰਗਰਾਮ ਕੁਮਾਰ ਸਾਹੂ, ਗੁਰਮੀਤ ਸਿੰਘ, ਮਤੀਬਰ, ਵਿਜੈ ਪ੍ਰਤਾਪ, ਸੰਤੋਸ਼ ਕੁਮਾਰ, ਨਸੀਬ ਕੌਰ ਫਿਜੀਓਥ੍ਰੈਪਿਸਟ, ਅਮਰਿੰਦਰ ਸਿੰਘ ਲੱਕੀ ਸਮੇਤ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਪ੍ਰਸਾਸ਼ਨ, ਅਲਿਮਕੋ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਹਾਜਰ ਸਨ।

# ਬਾਬਾ ਚਮਕੌਰ ਸਿੰਘ ਨੂੰ ਪਿੰਡ ਵਾਲਿਆਂ ਨੇ ਕੀਤਾ ਸਨਮਾਨਿਤ







ਚੌਕ ਮਹਿਤਾ 28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿਛਲੇ ਦਿਨੀ ਪਿੰਡ ਵਡਾਲਾ ਜੋਹਲ ਵਿਖੇ ਸਹੀਦਾ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਅਖੀਰਲੇ ਦਿਨ 37 ਪ੍ਰਾਣੀਆਂ ਨੇ ਅੰਮ੍ਰਿਤ ਛੱਕਿਆ ।ਸ੍ਰੀ ਮਾਨ ਬਾਬਾ ਚਮਕੌਰ ਸਿੰਘ ਜੀ ਨੇ ਇਨ੍ਹਾਂ ਸਮਾਗਮਾ ਵਿੱਚ ਦਿਨ ਰਾਤ ਇਕ ਕਰਕੇ ਸੇਵਾ ਬਾਖੂਬੀ ਨਾਲ ਨਿਭਾਈ ,ਭਾਵ ਕਿ ਤਨ ਮਨ ਧੰਨ ਨਾਲ ਸੇਵਾ ਕਰਦੇ ਰਹੇ। ਬਾਬਾ ਜੀ ਦੀ ਸੇਵਾ ਨੂੰ ਮੁੱਖ ਰੱਖਦਿਆ ਹੋਇਆ। ਗੁਰਦੁਆਰਾ ਸਾਹਿਬ ਜੀ ਦੀ ਪ੍ਰਬੰਧਕ ਕਮੇਟੀ ਅਤੇ ਸਾਰੇ ਪਿੰਡ ਦੀ ਸੰਗਤ ਨੇ ਸ੍ਰੀ ਮਾਨ ਬਾਬਾ ਚਮਕੌਰ ਸਿੰਘ ਜੀ ਦਾ ਬਹੁਤ ਭਾਰੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਬਾਬਾ ਜੀ ਨੇ ਪਿੰਡ ਵਡਾਲਾ ਜੋਹਲ ਦੀ ਸੰਗਤਾਂ ਦਾ ਧੰਨਵਾਦ ਕੀਤਾ , ਅਤੇ ਸਹੀਦਾ ਸਿੰਘਾ ਚਰਨਾ ਵਿੱਚ ਪਿੰਡ ਦੇ ਭਲੇ ਦੀ ਅਰਦਾਸ ਬੇਨਤੀ ਕੀਤੀ ਗਈ।

## 73 ਵਾਂ ਸਲਾਨਾ ਹੋਲਾ ਮਹੱਲਾਂ ਧਾਰਮਿਕ ਗੁਰਮੱਤ ਸਮਾਗਮ 14 ਅਤੇ 15 ਮਾਰਚ ਨੂੰ

**ਚੌਕ ਮਹਿਤਾ 28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਭਗਵਾਨ ਸ੍ਰੀ ਚੰਦਰ ਜੀ ਮਹਾਰਾਜ ਟਾਗਰਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਦਰਸਨ ਦਾਸ ਦੀ ਅਗਵਾਈ ਹੇਠਾਂ ਸ੍ਰੀ ਆਖੰਡ ਪਾਠ ਸਾਹਿਬ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ 12 ਮਾਰਚ ਨੂੰ ਆਰੰਭ ਕੀਤੇ ਜਾਣਗੇ ਅਤੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ 14 ਮਾਰਚ ਨੂੰ ਪੈਣਗੇ ਅਤੇ 15 ਮਾਰਚ ਨੂੰ ਖੁੱਲੇ ਪੰਡਾਲਾ ਵਿੱਚ ਦੀਵਾਨ ਸਜਣਗੇ ਜਿਸ ਵਿੱਚ ਸਿੱਖ ਪੰਥ ਦੇ ਮਹਾਨ ਕਥਾਵਾਚਕ ,ਕੀਰਤਨੇ, ਪ੍ਰਚਾਰਕ, ਕਵੀਸ਼ਰ, ਢਾਡੀ ਜਥੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ ਸੰਤ ਮਹਾਪੁਰਸ਼, ਸਾਧੂ ਜਨ, ਉਦਾਸੀਨ ਨਿਹੰਗ ਸਿੰਘ, ਹਾਜਰੀਆ ਭਰਨਗੇ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਦਰਸਨ ਦਾਸ ਦੀ ਵੱਲੋਂ ਦੇਸਾ ਵਿਦੇਸਾਂ ਦੀਆਂ ਸੰਗਤਾਂ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਕੇ ਗੁਰੂ ਸਾਹਿਬ ਦੀਆਂ ਖੁਸੀਆਂ ਪ੍ਰਾਪਤ ਕਰਨ ਜੀ ।ਗੁਰੂ ਜੀ ਦੇ ਲੰਗਰ ਆਟੁਤ ਵਰਤਣਗੇ।



****************************

**ਅੰਤਿਮ ਅਰਦਾਸ ਅਤੇ ਭੋਗ,**
**ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ, ਭੋਗ 1ਮਾਰਚ 2025 ਦਿਨ ਸ਼ਨੀਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ।**
**ਦੁੱਖੀ ਹਿਰਦੇ ਨਾਲ**
**ਪੱਡਾ ਪਰਵਾਰ**
**ਜਾਰੀ ਕਰਦਾ**
**ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**



ਗੁਰਦੁਆਰਾ ਯਾਦਗਾਰ ਪਾਤਸ਼ਾਹੀ 8ਵੀਂ ਪਿੰਡ ਫੱਗੂ ਸਿਰਸਾ ਹਰਿਆਣਾ ਵਿਖੇ

# ਸਲਾਨਾ ਗੁਰਮਤਿ ਸਮਾਗਮ ਆਯੋਜਿਤ

**• ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ • ਗਿਆਨੀ ਪਿੰਦਰਪਾਲ ਸਿੰਘ ਜੀ ਨੇ ਕਥਾ ਵਿਚਾਰ ਕੀਤੀ**

















**ਸਿਰਸਾ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਯਾਦਗਾਰ ਪਾਤਸ਼ਾਹੀ 8ਵੀਂ ਪਿੰਡ ਫੱਗੂ ਸਿਰਸਾ ਹਰਿਆਣਾ ਵਿਖੇ ਸਲਾਨਾ ਗੁਰਮਤਿ ਸਮਾਗਮ ਵਿੱਚ ਗਿਆਨੀ ਪਿੰਦਰਪਾਲ ਸਿੰਘ ਜੀ ਨੇ ਕਥਾ ਵਿਚਾਰ ਕੀਤੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਹਰਿਆਣਾ ਕਮੇਟੀ ਦੇ ਮੈਂਬਰ ਸਾਹਿਬਾਨਾਂ ਵੀ ਹਾਜ਼ਰੀ ਭਰੀ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ਪ੍ਰਬੰਧਕਾਂ ਵੱਲੋਂ ਸਿਰਪਾਉ ਭੇਂਟ ਕਰਕੇ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਮੰਨ ਨੀਵਾ ਮੱਤ ਉੱਚੀ ਸੇਵਾ ਸੁਸਾਇਟੀ ਵਲੋਂ ਲੋੜਵੰਦ ਪਰਿਵਾਰਾਂ ਦੀਆਂ ਬੇਟੀਆਂ ਦੇ

# ਅਨੰਦ ਕਾਰਜ ਸਾਦੇ ਢੰਗ ਅਤੇ ਗੁਰਮਰਿਆਦਾ ਅਨੁਸਾਰ ਕਰਵਾਏ ਗਏ



**ਜੰਡਿਆਲਾ ਗੁਰੂ, 28 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਂਉਦੇ ਪਿੰਡ ਗੁਨੋਂਵਾਲ਼ ਵਿੱਚ ਮਨ ਨੀਵਾਂ ਮਤ ਉੱਚੀ ਸੇਵਾ ਸੁਸਾਇਟੀ ਵੱਲੋਂ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਲੋੜਵੰਦ ਲੜਕੀਆ ਦੇ ਵਿਆਹ ਆਨੰਦ ਕਾਰਜ ਕੀਤੇ ਗਏ ਜਿਸ ਨਾਲ ਵਿਆਹੇ ਹੋਏ ਜੋੜਿਆ ਨੂੰ ਸੇਵਾ ਸੁਸਾਇਟੀ ਵੱਲੋਂ ਘਰ ਵਿੱਚ ਵਰਤੋ ਵਾਲਾ ਘਰੇਲੂ ਸਮਾਨ ਜਿਵੇ ਕਿ ਬੈਂਡ, ਭਾਂਡੇ, ਪੱਖੇ,ਕੁਰਸੀਆਂ, ਮੇਜ,ਆਦਿ ਸਮਾਨ ਦਿੱਤਾ ਗਿਆ । ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੁਸਾਇਟੀ ਦੇ ਸੇਵਾਦਾਰਾਂ ਦੱਸਿਆ ਗਿਆ ਕਿ ਮਨ ਨੀਵਾ ਮਤ ਉੱਚੀ ਸੇਵਾ ਸੁਸਾਇਟੀ ਵੱਲੋਂ ਤੇ ਗੁਨੋਂਵਾਲ ਦੀਆਂ ਸੰਗਤਾਂ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਦੋ ਲੜਕੀਆ ਦੇ ਆਨੰਦ ਕਾਰਜ ਕਰਵਾਏ ਗਏ ।ਇਹ ਵਿਆਹ ਜੋ ਕਰਵਾਏ ਗਏ ਹਨ ਇਹ ਸਾਦੇ ਢੰਗ ਅਤੇ ਗੁਰਮਰਿਆਦਾ ਅਨੁਸਾਰ ਕਰਵਾਏ ਗਏ ਹਨ ਤਾਂ ਜੋ ਲੋਕਾਂ ਨੂੰ ਸਹੀ ਸੇਧ ਦਿੱਤੀ ਜਾ ਸਕੇ ਕੀ ਕਰਜ਼ਾ ਚੁੱਕ ਕੇ ਕਰਜੇ ਥੱਲੇ ਆ ਕੇ ਵਿਆਹ ਨਾ ਕੀਤੇ ਜਾਣ ।ਇਹ ਵਿਆਹ ਕਰਵਾਉਣ ਦਾ ਮਕਸਦ ਇਹੀ ਹੈ ਕਿ ਕਰਜ਼ਾ ਨਾ ਚੁੱਕੋ ਜਿੰਨੇ ਵੀ ਵਿਆਹ ਕਰੋ ਸਾਦੇ ਢੰਗ ਗੁਰਮਰਿਆਦਾ ਅਨੁਸਾਰ ਕਰੋ ਤਾਂ ਜੋ ਦਾਜ ਦੀ ਲਾਹਨਤ ਨੂੰ ਖਤਮ ਕੀਤਾ ਜਾ ਸਕੇ ਸੰਸਥਾ ਵੱਲੋਂ ਆਏ ਹੋਏ ਬਰਾਤੀਆਂ ਲਈ ਖਾਣ ਪੀਣ ਦਾ ਪੂਰਾ ਇੰਤਜਾਮ ਕੀਤਾ ਗਿਆ।ਸੁਸਾਇਟੀ ਦੇ ਮੈਂਬਰਾ ਵਲੋ ਕਿਹਾ ਗਿਆ ਕੀ ਜੋ ਵੀ ਦਾਨੀ ਵੀਰ ਸੇਵਾ ਕਰਨਾ ਚਾਹੁੰਦਾ ਹੋਵੇ ਉਹ ਸਾਡੇ ਨਾਲ ਸੰਪਰਕ ਕਰ ਸਕਦਾ ਹੈ।ਇਸ ਮੌਕੇ ਮੈਂਬਰ ਭੁਪਿੰਦਰ ਸਿੰਘ, ਅਜੀਤ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ, ਪਲਵਿੰਦਰ ਸਿੰਘ, ਹਰਦੇਵ ਸਿੰਘ, ਗੁਰਵਿੰਦਰ ਸਿੰਘ, ਚਰਨਜੀਤ ਸਿੰਘ, ਸਿਮਰਨਜੀਤ ਸਿੰਘ, ਅਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਜਸਕਰਨ ਸਿੰਘ ਮੌਕੇ ਤੇ ਸ਼ਿਮਲ ਸਨ।

### ਡਾਕਟਰ ਸੀ.ਵੀ ਰਮਨ ਦੀਆਂ ਵਿਗਿਆਨ ਉਪਲੱਬਧੀਆਂ ਨੂੰ ਯਾਦ ਕਰਦਿਆਂ

# ਵਿਗਿਆਨਕ ਹ.ਫਤਾ ਮਨਾਇਆ





ਹਠੂਰ/ਜਗਰਾਉਂ -(ਵਰਿਆਮ ਹਠੂਰ) ਡਾਕਟਰ ਸੀ.ਵੀ ਰਮਨ ਦੀਆਂ ਵਿਗਿਆਨ ਵਿੱਚ ਉਪਲੱਬਧੀਆਂ ਨੂੰ ਯਾਦ ਕਰਦੇ ਹੋਏ ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਪੂਰਾ ਹਫਤਾ ਵਿਗਿਆਨ ਹਫਤੇ ਵਜੋਂ ਮਨਾਇਆ ਗਿਆ, ਜਿਸ ਦੌਰਾਨ 27 ਫਰਵਰੀ ਨੂੰ ਸਾਇੰਸ ਕੁਇਜ਼ ਪ੍ਰਤੀਯੋਗਿਤਾ ਰੱਖੀ ਗਈ ਤੇ ਅੱਜ ਵਿਗਿਆਨ ਦਾ ਮਾਡਲ ਦਾ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਤੀਸਰੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਵੱਖ ਵੱਖ ਤਰ੍ਹਾਂ ਦੇ ਦਿਲ ਖਿੱਚਵੇਂ ਮਾਡਲ ਤਿਆਰ ਕਰਕੇ ਸਕੂਲ ਸਟਾਫ਼ ਨੂੰ ਵਿਖਾਏ, ਕਰਵਾਏ ਗਏ ਮਾਡਲ ਮੁਕਾਬਲੇ ਮੌਕੇ ਮੌਕੇ ਹੰਬੜਾਂ ਕਲੱਸਟਰ ਦੇ ਕੁਆਰਡੀਨੇਟਰ ਅਮਨਦੀਪ ਸਿੰਘ ਅਤੇ ਬੱਚਿਆਂ ਦੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ, ਹੈੱਡ ਟੀਚਰ ਮੈਡਮ ਸੀਮਾ ਰਾਣੀ ਅਤੇ ਸਮੂਹ ਸਕੂਲ ਸਟਾਫ਼ ਨੇ ਜੇਤੂ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਬੱਚਿਆਂ ਨੂੰ ਅੱਗੇ ਵਧਣ ਲਈ ਹੌਸਲਾ ਅਫਜ਼ਾਈ ਕੀਤਾ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਰਾਜਵੰਤ ਕੌਰ, ਮੋਨਿਕਾ ਜੈਨ, ਮਨਪ੍ਰੀਤ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਗੁਰਜੀਤ ਕੌਰ, ਜਸਪ੍ਰੀਤ ਕੌਰ, ਪ੍ਰੀਤ ਸਿੰਘ, ਧਰਮਿੰਦਰ ਸਿੰਘ, ਹਰਸਿਮਰਤਪਾਲ ਸਿੰਘ, ਗੁਰਪ੍ਰੀਤ ਕੌਰ ਤੇ ਗਗਨਦੀਪ ਕੌਰ ਨੇ ਹਿੱਸਾ ਲਿਆ।

## ਮਾਡਲ ਮੁਕਾਬਲੇ ਵਿੱਚ ਬੱਚਿਆਂ ਨੇ ਬਣਾਏ ਵੱਖ ਵੱਖ ਤਰ੍ਹਾਂ ਦੇ ਦਿਲ ਖਿੱਚਵੇਂ ਮਾਡਲ



# ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀ ਨੇ ਖੇਡਾਂ ਵਿੱਚ ਮਾਰੀਆਂ ਮੱਲਾਂ



ਧੂਰੀ ( ਰਣਜੀਤ ਸਿੰਘ ਪੇਧਨੀ ) ਸ ਪਰਮਜੀਤ ਸਿੰਘ ਗਿੱਲ ਚੇਅਰਮੈਨ ਦੇਸ਼ ਭਗਤ ਕਾਲਜ ਟਰੱਸਟ ਦੀ ਅਗਵਾਈ ਹੇਠ ਚੱਲ ਰਹੀ ਸੰਸਥਾ ਦੇਸ਼ ਭਗਤ ਪੋਲੀਟੈਕਨਿਕ ਕਾਲਜ ਬਰੜਵਾਲ ਦੇ ਵਿਦਿਆਰਥੀ ਅਰੁਣ ਕੁਮਾਰ ਨੇ ਸਰਕਾਰੀ ਪੋਲੀਟੈਕਨਿਕ ਕਾਲਜ ਬਟਾਲਾ ਵਿਖੇ ਆਯੋਜਿਤ ਸੂਬਾ ਪੱਧਰੀ ਅਥਲੈਟਿਕ ਮੀਟ ਦੇ 100 ਮੀਟਰ ਈਵੇਂਟ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਆਪਣਾ ਅਤੇ ਕਾਲਜ ਦਾ ਨਾਮ ਰੌਸ਼ਨ ਕੀਤਾ, ਇਸ ਮੌਕੇ ਦੇਸ਼ ਭਗਤ ਕਾਲਜ ਬਰੜਵਾਲ ਟਰੱਸਟ ਦੇ ਸਕੱਤਰ ਬਲਵੰਤ ਸਿੰਘ ਮੀਮਸਾ, ਟਰੱਸਟੀ ਮੈਂਬਰ ਜਤਿੰਦਰ ਸਿੰਘ ਸੋਨੀ ਮੰਡੇਰ, ਟਰੱਸਟੀ ਮੈਂਬਰ ਡਾ ਸਿੰਘ ਧਾਂਦਰਾ, ਪੋਲੀਟੈਕਨਿਕ ਬਰੜਵਾਲ ਦੇ ਸੁਖਵਿੰਦਰ ਦੇਸ਼ ਭਗਤ ਕਾਲਜ ਪ੍ਰਿੰਸੀਪਲ ਸ੍ਰੀ ਰਾਜਨ ਗਰਗ ਨੇ ਵਿਦਿਆਰਥੀ ਅਰੁਣ ਕੁਮਾਰ ਨੂੰ ਮੁਬਾਰਕਵਾਦ ਦਿੰਦਿਆਂ ਉਸਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ, ਇਸ ਮੌਕੇ ਚੇਅਰਮੈਨ ਪਰਮਜੀਤ ਸਿੰਘ ਗਿੱਲ ਨੇ ਵਿਦਿਆਰਥੀ ਅਰੁਣ ਕੁਮਾਰ ਨੂੰ ਮੁਬਾਰਕਵਾਦ ਦਿੰਦਿਆਂ ਉਸਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ।ਇਸ ਮੌਕੇ ਕੰਪਿਊਟਰ ਇੰਚਾਰਜ ਮਨਪ੍ਰੀਤ ਸਿੰਘ ਸੰਧੂ, ਮਕੈਨੀਕਲ ਇੰਚਾਰਜ ਗੁਰਪ੍ਰੀਤ ਸਿੰਘ,ਵਰਕਸ਼ਾਪ ਇੰਚਾਰਜ ਲਖਮੀਰ ਸਿੰਘ, ਸਟਾਫ ਮੈਂਬਰ ਜਸਪ੍ਰੀਤ ਸਿੰਘ ਅਤੇ ਲਵਨੀਸ ਗਰਗ ਵੀ ਹਾਜ਼ਰ ਸਨ।

# ਗੁਰੂ ਸਾਹਿਬ ਦੀ ਹਜੂਰੀ ਵਿੱਚ ਵਿਅਕਤੀਗਤ ਉਪਮਾ ਦੇ ਗੀਤ ਗਾਉਣਾ ਗਲਤ- ਯੂਨਾਈਟਿਡ ਖਾਲਸਾ ਦਲ ਯੂ.ਕੇ

## “ਨਿੱਜੀ ਖੁੰਦਕਾਂ ਕੱਢਣ ਵਾਸਤੇ ਗੁਰਬਾਣੀ ਅਤੇ ਸਿੱਖ ਮਰਿਆਦਾ ਦਾ ਘਾਣ ਨਾ ਕਰੋ”



ਲੰਡਨ- ਜ਼ਿਲਾ ਜਲੰਧਰ ਦੀ ਫਿਲੌਰ ਸਬ-ਡਵੀਜ਼ਨ ਦੇ ਗੁਰਾਇਆ ਥਾਣੇ ਅਧੀਨ ਆਉਂਦੇ ਪਿੰਡ ਰੁੜਕਾ ਖੁਰਦ ਨੂੰ ਮਾਣ ਹੈ ਕਿ ਇਸ ਪਿੰਡ ਦੇ ਵਸਨੀਕ ਭਾਈ ਰਣਜੀਤ ਸਿੰਘ ਬਿੱਟੂ ਨੇ ਖਾਲਿਸਤਾਨ ਦੀ ਜੰਗੇ ਆਜ਼ਾਦੀ ਵਿੱਚ ਜੂਝਦਿਆਂ ਆਪਾ ਕੁਰਬਾਨ ਕੀਤਾ। ਜਿਸ ਦੀ ਕੁਰਬਾਨੀ ਮਹਾਨ ਹੈ। ਇਸ ਪਿੰਡ ਦੇ ਕੁਝ ਵਸਨੀਕ ਆਪਣੀਆਂ ਚੌਧਰੀਆ ਅਤੇ ਨਿੱਜੀ ਖੁੰਦਕਾਂ ਨੂੰ ਧਾਰਮਿਕ ਮਸਲਾ ਬਣਾਉਣ ਲਈ ਯਤਨਸ਼ੀਲ ਹਨ। ਜਿਸਦੀ ਯੂਨਾਈਟਿਡ ਖਾਲਸਾ ਦਲ ਯੂ.ਕੇ ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਸਖਤ ਨਿਖੇਧੀ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਐਸ.ਸੀ ਭਾਈਚਾਰੇ ਨਾਲ ਸਬੰਧਤ ਗੁਰਾਇਆਂ ਦੇ ਪਿੰਡ ਰੁੜਕਾ ਖੁਰਦ ਦੇ ਵਸਨੀਕ ਭਾਈ ਮਨਦੀਪ ਸਿੰਘ ਅਤੇ ਉਸਦੇ ਭਰਾ ਸੰਦੀਪ ਸਿੰਘ ਨਾਲ ਉਨਾਂ ਦੇ ਹੀ ਭਾਈਚਾਰੇ ਵੱਲੋਂ ਰੰਜਿਸ਼ ਸ਼ੁਰੂ ਹੋ ਗਈ ਸੀ, ਜਦੋਂ ਉਹਨਾ ਨੇ ਅੰਮ੍ਰਿਤ ਛੱਕ ਲਿਆ ਅਤੇ ਪੰਥਕ ਪ੍ਰੋਗਰਾਮਾਂ ਦਾ ਹਿੱਸਾ ਬਣਨਾ ਸ਼ੁਰੂ ਕਰ ਦਿੱਤਾ। ਯੂਨਾਈਟਿਡ ਖਾਲਸਾ ਦਲ ਯੂ.ਕੇ ਨੇ ਪ੍ਰਾਪਤ ਹੋਈ ਰਿਪੋਰਟ ਜਾਰੀ ਕਰਦਿਆਂ ਦੱਸਿਆ ਕਿ ਰੁੜਕਾ ਖੁਰਦ, ਜ਼ਿਲਾ ਜਲੰਧਰ ਵਿੱਚ ਭਗਤ ਰਵਿਦਾਸ ਜੀ ਦੇ ਅਵਤਾਰ ਪੁਰਬ ਸਮਾਗਮ ਦੌਰਾਨ ਇੱਕ ਗਾਉਣ ਵਾਲੀ ਨੂੰ ਪਹਿਲਾਂ ਸਮਝਿਆ ਗਿਆ ਸੀ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਹਜੂਰੀ ਵਿੱਚ ਡਾ. ਅੰਬੇਦਕਰ ਦੀ ਉਪਮਾ ਦੇ ਗੀਤ ਨਹੀਂ ਗਾਉਣੇ। ਉਸਨੂੰ ਕਿਹਾ ਗਿਆ ਸੀ ਕਿ ਤੂੰ ਸਿਰਫ ਭਗਤ ਰਵਿਦਾਸ ਜੀ ਬਾਰੇ ਹੀ ਗੀਤ ਗਾ ਸਕਦੀ ਹੈ। ਜਦੋਂ ਉਹ ਸ਼ਰੀਕੇ ਬਾਜ਼ੀ ਦੀ ਸ਼ਿਹ ਕਾਰਨ ਡਾਕਟਰ ਅੰਬੇਡਕਰ ਬਾਰੇ ਗਾਉਣ ਲੱਗੀ ਤਾਂ ਉਸਨੂੰ ਸਿੰਘ ਵੱਲੋਂ ਇਸ਼ਾਰਾ ਕੀਤਾ ਗਿਆ। ਪਰ ਉਹਨੇ ਕੋਈ ਪ੍ਰਵਾਹ ਨਾ ਕੀਤੀ। ਫਿਰ ਉਸਨੂੰ ਸਟੇਜ ਤੋਂ ਵੀ ਰੋਕਿਆ ਗਿਆ। ਆਖਿਰ ਭਾਈ ਮਨਦੀਪ ਸਿੰਘ ਰੁੜਕਾ ਨੇ ਸਪੀਕਰ ਦੀ ਆਵਾਜ ਬੰਦ ਕਰ ਦਿੱਤੀ। ਸਭ ਕੁੱਝ ਵੀਡੀਓ ਵਿੱਚ ਸਾਫ ਨਜ਼ਰ ਆ ਰਿਹਾ ਹੈ। ਸ਼ਰੀਕੇਬਾਜੀ ਵਿੱਚ ਚੱਲਦੀ ਖੁੰਦਕ ਨੂੰ ਧਾਰਮਿਕ ਰੰਗਤ ਦਿੰਦਿਆਂ ਗੁਰਾਇਆ ਥਾਣੇ ਵਿੱਚ ਅੰਮ੍ਰਿਤਧਾਰੀ ਨੌਜਵਾਨਾਂ ਭਾਈ ਮਨਦੀਪ ਸਿੰਘ, ਉਸਦੇ ਭਰਾ ਭਾਈ ਸੰਦੀਪ ਸਿੰਘ, ਉਸਦੇ ਤਾਏ ਦੇ ਪੁੱਤ ਅਤੇ ਇਹਨਾਂ ਦੇ ਪਿਤਾ ਖਿਲਾਫ ਪਰਚਾ ਦਰਜ਼ ਕਰਾ ਦਿੱਤਾ। ਭਾਈ ਸੰਦੀਪ ਸਿੰਘ ਨੂੰ ਅਤੇ ਤਾਏ ਦੇ ਪੁੱਤ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ। ਜਦਕਿ ਭਾਈ ਮਨਦੀਪ ਸਿੰਘ ਅਤੇ ਉਸਦਾ ਪਿਤਾ ਆਸੇ-ਪਾਸੇ ਰਹਿ ਕੇ ਟਾਇਮ ਪਾਸ ਕਰ ਰਹੇ ਹਨ। ਇਹ ਵੀ ਪਤਾ ਲੱਗਾ ਹੈ ਕਿ ਇਸ ਸਿੱਖ ਪਰਿਵਾਰ ਨੂੰ ਇਹਨਾਂ ਦਾ ਹੀ ਐਸ.ਸੀ ਭਾਈਚਾਰਾ ਸਿੱਖੀ ਤਿਆਗਣ ਦਾ ਦਬਾਅ ਪਾ ਰਿਹਾ ਹੈ ਅਤੇ ਇਸ ਵਾਸਤੇ ਸੋਚੀ ਸਮਝੀ ਕੁਚਾਲਾਂ ਚੱਲ ਰਿਹਾ ਹੈ। ਜੋ ਕਿ ਸਰਾਸਰ ਗਲਤ ਅਤੇ ਸੰਜੀਦਾ ਮਸਲਾ ਹੈ। ਕੋਈ ਵੀ ਵਿਅਕਤੀ ਆਪਣੀ ਮਰਜ਼ੀ ਨਾਲ ਕਿਸੇ ਵੀ ਧਰਮ ਵਿੱਚ ਸ਼ਾਮਲ ਹੋ ਸਕਦਾ ਹੈ। ਇਸ ਕਰਕੇ ਇਹਨਾਂ ਸ਼ਰੀਕੇਬਾਜ਼ਾਂ ਅਤੇ ਗਾਇਕਾ ਖਿਲਾਫ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਮੁਕੱਦਮਾ ਦਰਜ ਹੋਣਾ ਚਾਹੀਦਾ ਹੈ। ਯੂਨਾਈਟਿਡ ਖਾਲਸਾ ਦਲ ਯੂ.ਕੇ ਵੱਲੋਂ ਗੁਰਾਇਆਂ ਪੁਲਿਸ ਨੂੰ ਰਿਸ਼ਵਤ ਜਾਂ ਸਿਫਾਰਸ਼ ਦੇ ਪ੍ਰਭਾਵ ਅਧੀਨ ਪੱਖਪਾਤ ਕਰਨ ਤੋਂ ਬਾਜ਼ ਆਉਣ ਲਈ ਆਖਿਆ ਗਿਆ ਹੈ।

# ਡਾ. ਜੰਗੀਰ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ ਦਾ ਸੰਭਾਲਿਆ ਚਾਰਜ

**ਪਠਾਨਕੋਟ, 28 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ (ਖੇਤਬਾੜੀ ਸ਼ਾਖਾ) ਜੀ ਹੁਕਮਾਂ ਅਨੁਸਾਰ ਜਿਲ੍ਹਾ ਪਠਾਨਕੋਟ ਵਿਖੇ ਡਾ. ਜੰਗੀਰ ਸਿੰਘ ਨੇ ਬਤੌਰ ਮੁੱਖ ਖੇਤੀਬਾੜੀ ਅਫਸਰ, ਪਠਾਨਕੋਟ ਦਾ ਅਹੁੱਦਾ ਸੰਭਾਲਿਆ। ਇਸ ਮੌਕੇ ਤੇ ਡਾ. ਰੇਨੂ ਵਿਰਦੀ ਖੇਤੀਬਾੜੀ ਅਫਸਰ ਬਲਾਕ ਪਠਾਨਕੋਟ, ਡਾ. ਪ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ (ਇੰਨ:) ਬਲਾਕ ਨਰੋਟ ਜੈਮਲ ਸਿੰਘ, ਡਾ. ਅਰਜੁਨ ਸਿੰਘ ਖੇਤੀਬਾੜੀ ਵਿਕਾਸ ਅਫਸਰ (ਪੀ.ਪੀ. ) ਬਲਾਕ ਬਮਿਆਲ, ਡਾ. ਗੁਰਚਰਨ ਸਿੰਘ ਖੇਤੀਬਾੜੀ ਵਿਕਾਸ ਅਫਸਰ (ਧਾਰਕਲਾਂ), ਸ੍ਰੀ ਬਲਜਿੰਦਰ ਸਿੰਘ ਸੈਣੀ (ਸੁਪਰਡੈਂਟ), ਡਾ. ਸੁਖਪ੍ਰੀਤ ਸਿੰਘ ਡਿਪਟੀ ਪੀ. ਡੀ. (ਆਤਮਾ), ਅਤੇ ਜਿਲ੍ਹੇ ਦੇ ਖੇਤੀਬਾੜੀ ਵਿਭਾਗ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋ ਡਾ. ਜੰਗੀਰ ਸਿੰਘ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ ਜੀ ਦਾ ਨਿੱਘਾ ਸਵਾਗਤ ਕੀਤਾ ਗਿਆ। ਜਿਸ ਤੇ ਅਹੁੱਦਾ ਸੰਭਾਲਣ ਤੋਂ ਬਾਅਦ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ ਜੀ ਨੇ ਸਮੂਹ ਸਟਾਫ ਦਾ ਧੰਨਵਾਦ ਕਰਦੇ ਹੋਏ ਜਿਲ੍ਹੇ ਦੇ ਵਿੱਚ ਚੱਲ ਰਹੀਆਂ ਵੱਖ —ਵੱਖ ਸਕੀਮਾਂ ਸਬੰਧੀ ਵਿਚਾਰ ਵਟਾਂਦਰਾਂ ਕੀਤਾ।

ਦਿੱਲੀ ਦੇ ਇਕ ਗੁਰਦੁਆਰਾ ਸਾਹਿਬ ਅੰਦਰ ਅਰਦਾਸ ਉਪਰ ਹਮਲਾ

# ਪੰਥ ਅੰਦਰ ਰੋਸ, ਸਖ਼ਤ ਕਾਰਵਾਈ ਦੀ ਮੰਗ




## ਗੁਰਦੁਆਰਾ ਕਮੇਟੀ ਨੇ ਮੰਗੀ ਮੁਆਫੀ

ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੇ ਇੰਦਰਲੋਕ ਗੁਰਦੁਆਰਾ ਸਾਹਿਬ ਅੰਦਰ ਬੀਤੀ 23 ਫਰਵਰੀ ਨੂੰ ਪ੍ਰੋ ਦਰਸ਼ਨ ਸਿੰਘ ਜਿਨ੍ਹਾਂ ਨੂੰ ਅਕਾਲ ਤਖਤ ਸਾਹਿਬ ਵਲੋਂ ਪੰਥ ਵਿੱਚੋ ਖਾਰਿਜ ਕੀਤਾ ਹੋਇਆ ਹੈਂ ਦੇ ਕਰਵਾਏ ਗਏ ਕੀਰਤਨ ਪ੍ਰੋਗਰਾਮ ਉਪਰੰਤ ਕੀਤੀ ਗਈ ਅਰਦਾਸ ਅੰਦਰ ਦਵਿੰਦਰ ਸਿੰਘ ਹੈਪੀ ਵਲੋਂ ਛੇੜਖਾਣੀ ਬਾਰੇ ਗੱਲਬਾਤ ਕਰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਦਰਸ਼ਨ ਸਿੰਘ ਚੱਢਾ ਨੇ ਕਿਹਾ ਕਿ ਗੁਰੂਘਰ ਅੰਦਰ ਕੀਤੀ ਗਈ ਅਰਦਾਸ ਨਾਲ ਅਸੀਂ ਸਹਿਮਤ ਨਹੀਂ ਹਾਂ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਹਾਜਿਰ ਨਾ ਹੋਣ ਕਰਕੇ ਦਵਿੰਦਰ ਸਿੰਘ ਨੇ ਅਰਦਾਸ ਕੀਤੀ ਓਸ ਸਮੇਂ ਅਸੀਂ ਹਾਜਿਰ ਨਹੀਂ ਸੀ ਜ਼ੇਕਰ ਓਥੇ ਹਾਜਿਰ ਹੁੰਦੇ ਤਾਂ ਅਸੀਂ ਜਰੂਰ ਉਨ੍ਹਾਂ ਨੂੰ ਰੋਕਦੇ । ਉਨ੍ਹਾਂ ਕਿਹਾ ਕਿ ਅਕਾਲ ਤਖਤ ਸਾਹਿਬ ਵਲੋਂ ਇਕ ਕਮੇਟੀ ਬੀਤੇ ਦਿਨ ਸਾਡੇ ਕੋਲ ਆਈ ਸੀ ਤੇ ਅਸੀਂ ਉਨ੍ਹਾਂ ਨੂੰ ਲਿਖਤੀ ਸਪਸ਼ਟੀਕਰਨ ਦੇ ਦਿੱਤਾ ਹੈਂ ਅਤੇ ਇਸ ਮਾਮਲੇ ਵਿਚ ਅਕਾਲ ਤਖਤ ਸਾਹਿਬ ਤੋ ਜੋ ਆਦੇਸ਼ ਜਾਰੀ ਹੋਏਗਾ ਅਸੀਂ ਓਸ ਨੂੰ ਮਨਿਆਂ ਜਾਏਗਾ । ਉਨ੍ਹਾਂ ਨੂੰ ਪੁਛੇ ਗਏ ਸੁਆਲ ਕਿ ਜਦੋ ਪ੍ਰੋ ਦਰਸ਼ਨ ਸਿੰਘ ਨੂੰ ਪੰਥ ਵਿੱਚੋ ਖਾਰਿਜ ਕੀਤਾ ਗਿਆ ਹੈਂ ਫੇਰ ਪ੍ਰੋਗਰਾਮ ਕਿਉਂ ਕਰਵਾਇਆ ਗਿਆ ਤਾਂ ਉਨ੍ਹਾਂ ਕਿਹਾ ਕਿ ਅਸੀਂ ਉਨ੍ਹਾਂ ਦੇ ਮੁਰੀਦ ਹਾਂ ।

## ਇੰਦਰਲੋਕ ਗੁਰਦੁਆਰਾ ਕਮੇਟੀ ਦੀ ਮਿਲੀਭੁਗਤ ਨਾਲ ਹੋਇਆ ਇਹ ਨਿੰਦਣਯੋਗ ਕਾਰਾ: ਵੀਰਜੀ



ਸਿੱਖਾਂ ਅਤੇ ਸਿੱਖੀ ’ਤੇ ਹਮਲੇ ਕਰਨ ਦੀਆਂ ਘਟਨਾਵਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਕਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ ਅਤੇ ਕਦੇ ਸਿੱਖਾਂ ਦੇ ਕਕਾਰਾਂ ਨੂੰ ਲੈ ਕੇ ਸਵਾਲ ਖੜ੍ਹੇ ਕੀਤੇ ਜਾਂਦੇ ਹਨ। ਹੋਰ ਤਾਂ ਹੋਰ ਸਿੱਖਾਂ ਦੇ ਗੌਰਵਮਈ ਇਤਿਹਾਸ ਨਾਲ ਵੀ ਛੇੜਛਾੜ ਦੇ ਮਾਮਲੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ । ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖੀ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕੀ ਬੀਤੀ 23 ਫਰਵਰੀ ਨੂੰ ਦਿੱਲੀ ਦੇ ਇੰਦਰਲੋਕ ਗੁਰਦੁਆਰਾ ਸਾਹਿਬ ਵਿਖ਼ੇ ਦਵਿੰਦਰ ਸਿੰਘ ਹੈਪੀ ਜੋ ਕਿ ਪਟੇਲ ਨਗਰ ਰਹਿੰਦਾ ਹੈਂ ਵੱਲੋਂ ਸਿੱਖਾਂ ਦੀ ਅਰਦਾਸ ’ਤੇ ਹਮਲਾ ਕੀਤਾ ਗਿਆ ਹੈ, ਜਿਸ ਦੀ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਹੈ ਜਿਸ ਨਾਲ ਪੰਥ ਅੰਦਰ ਵੱਡਾ ਰੋਸ ਫੈਲਿਆ ਹੋਇਆ ਹੈਂ । ਉਨ੍ਹਾਂ ਸ਼ੰਕਾ ਜ਼ਾਹਿਰ ਕਰਦਿਆਂ ਦਸਿਆ ਕਿ ਪ੍ਰੋ ਦਰਸ਼ਨ ਸਿੰਘ ਜਿਨ੍ਹਾਂ ਨੂੰ ਪੰਥ ਵਿੱਚੋ ਬਾਹਰ ਕਢਿਆ ਹੋਇਆ ਹੈਂ ਦਾ ਪ੍ਰੋਗਰਾਮ ਕਰਵਾ ਕੇ ਇੰਦਰਲੋਕ ਗੁਰਦੁਆਰਾ ਕਮੇਟੀ ਨੇ ਵਡੀ ਗਲਤੀ ਕੀਤੀ ਸੌ ਕੀਤੀ ਪਰ ਜਦੋ ਦਵਿੰਦਰ ਸਿੰਘ ਹੈਪੀ ਨੇ ਅਰਦਾਸ ਨੂੰ ਬਦਲਵੇ ਰੂਪ ਵਿਚ ਪੜੀ ਤਦ ਉਨ੍ਹਾਂ ਵਲੋਂ ਓਸ ਨੂੰ ਨਾਂ ਰੋਕਣਾ ਅਤੇ ਵਿਰੋਧ ਕਰਣਾ ਉਨ੍ਹਾਂ ਦੀ ਮਿਲੀਭੁਗਤ ਦਰਸਾਂਦੀ ਹੈਂ । ਸਾਡੀ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਬੇਨਤੀ ਹੈਂ ਕਿ ਦਵਿੰਦਰ ਸਿੰਘ ਦੇ ਨਾਲ ਇਸ ਗੁਰਦੁਆਰਾ ਕਮੇਟੀ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਏ ਤੇ ਇਕ ਵਿਸ਼ੇਸ਼ ਜਾਗਰੂਕਤਾ ਲਹਿਰ ਚਲਾ ਕੇ ਪੰਥ ਵਿਰੋਧੀ ਲੋਕਾਂ ਬਾਰੇ ਸਭ ਨੂੰ ਦਸਿਆ ਜਾਏ ।

## ਸਿੱਖਾਂ ਦੇ ਗੁਰੂ, ਇਤਿਹਾਸ ਅਤੇ ਹੁਣ ਅਰਦਾਸ ’ਤੇ ਹਮਲਾ ਕੀਤਾ ਜਾਣਾ ਛੋਟੀ ਗੱਲ ਨਹੀਂ, ਅਜਿਹੇ ਮਸਲਿਆਂ ਦਾ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ: ਅਰਵਿੰਦਰ ਸਿੰਘ ਰਾਜਾ



ਅਖੰਡ ਕੀਰਤਨੀ ਜੱਥਾ (ਦਿੱਲੀ) ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ ਨੇ ਇਸ ਮਾਮਲੇ ਤੇ ਪ੍ਰਤੀਕਰਮ ਦੇਂਦਿਆ ਕਿਹਾ ਕਿ ਵੀਡੀਓਜ਼ ਨੂੰ ਦੇਖ ਕੇ ਕੁੱਝ ਅਜਿਹਾ ਜਾਪਦਾ ਹੈ ਕਿ ਇਹ ਸਭ ਜਾਣਬੁਝ ਕੇ ਕੀਤੀ ਗਈ ਕਾਰਵਾਈ ਹੈਂ ਜਿਸ ਨਾਲ ਪੰਥ ਅੰਦਰ ਭਰਾ ਮਾਰੂ ਜੰਗ ਸ਼ੁਰੂ ਹੋ ਸਕਦੀ ਹੈਂ । ਉਨ੍ਹਾਂ ਦਾ ਕਹਿਣਾ ਹੈ ਕਿ ਸਿੱਖਾਂ ਦੇ ਗੁਰੂ, ਇਤਿਹਾਸ ਅਤੇ ਹੁਣ ਅਰਦਾਸ ’ਤੇ ਹਮਲਾ ਕੀਤਾ ਜਾਣਾ ਛੋਟੀ ਗੱਲ ਨਹੀਂ, ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਅਜਿਹੇ ਮਸਲਿਆਂ ਦਾ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ ਤਾਂ ਜੋ ਇਸ ਮੰਦਭਾਗੇ ਵਰਤਾਰੇ ਨੂੰ ਠੱਲ੍ਹ ਪਾਈ ਜਾ ਸਕੇ ਪਰ ਦੇਖਣਾ ਹੋਵੇਗਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ, ਐਸਜੀਪੀਸੀ ਅਤੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਇਸ ਮਾਮਲੇ ’ਤੇ ਕੀ ਕਾਰਵਾਈ ਕਰਦੀ ਹੈ।

## ਦਿੱਲੀ ਗੁਰਦੁਆਰਾ ਕਮੇਟੀ ਨੇ ਅਰਦਾਸ ਤੋੜ ਮਰੋੜ ਕੇ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਸ਼ਿਕਾਇਤ ਸ੍ਰੀ ਅਕਾਲ ਤਖਤ ਸਾਹਿਬ ਨੂੰ ਕੀਤੀ

ਨਵੀਂ ਦਿੱਲੀ, 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਇੰਦਰ ਲੋਕ ਵਿਚ ਪੰਥ ਵਿਚੋਂ ਛੇਕੇ ਰਾਗੀ ਦਰਸ਼ਨ ਸਿੰਘ ਤੋਂ ਕੀਰਤਨ ਕਰਵਾਉਣ ਤੇ ਉਹਨਾਂ ਦੇ ਨਾਲ ਆਏ ਦਵਿੰਦਰ ਸਿੰਘ ਨਾਂ ਦੇ ਵਿਅਕਤੀ ਵੱਲੋਂ ਅਰਦਾਸ ਤੋੜ ਮਰੋੜ ਕੇ ਪੇਸ਼ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਮਾਮਲੇ ’ਤੇ ਤੁਰੰਤ ਕਾਰਵਾਈ ਕਰਦਿਆਂ ਇਸਦੀ ਸ਼ਿਕਾਇਤ ਸ੍ਰੀ ਅਕਾਲ ਤਖਤ ਸਾਹਿਬ ਨੂੰ ਕਰ ਦਿੱਤੀ ਹੈ। ਉਹਨਾਂ ਕਿਹਾ ਕਿ ਮਾਮਲੇ ਦੀ ਇਕ ਵੀਡੀਓ ਵੀ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਹੈ ਜਿਸਨੂੰ ਲੈ ਕੇ ਸਿੱਖ ਸੰਗਤਾਂ ਵਿਚ ਭਾਰੀ ਰੋਸ ਹੈ। ਉਹਨਾਂ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦਿਆਂ ਹੀ ਉਹ ਆਪ ਤੁਰੰਤ ਮੌਕੇ ’ਤੇ ਪਹੁੰਚੇ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਮਾਮਲੇ ਵਿਚ ਤੁਰੰਤ ਕਾਰਵਾਈ ਕਰਦਿਆਂ ਇਕ ਪੜਤਾਲੀਆ ਕਮੇਟੀ ਗਠਿਤ ਕੀਤੀ ਜਿਸਨੇ ਮੌਕੇ ’ਤੇ ਪਹੁੰਚ ਕੇ ਸਾਰੇ ਹਾਲਾਤ ਦਾ ਜਾਇਜ਼ਾ ਲਿਆ ਤੇ ਤੱਥ ਇਕੱਤਰ ਕੀਤੇ। ਉਹਨਾਂ ਦੱਸਿਆ ਕਿ ਪੜਤਾਲੀਆ ਕਮੇਟੀ ਨੇ ਆਪਣੀ ਰਿਪੋਰਟ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸੌਂਪ ਦਿੱਤੀ ਹੈ ਤੇ ਹੁਣ ਸੰਗਤਾਂ ਸਿੰਘ ਸਾਹਿਬ ਦੇ ਅਗਲੇ ਹੁਕਮਾਂ ਦੀ ਉਡੀਕ ਕਰ ਰਹੀਆਂ ਹਨ। ਸਰਦਾਰ ਕਰਮਸਰ ਨੇ ਕਿਹਾ ਕਿ ਸਿੱਖ ਪੰਥਕ ਮਰਿਆਦਾ ’ਤੇ ਪਹਿਰਾ ਦੇਣਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਢਲਾ ਫਰਜ਼ ਹੈ ਜਿਸਨੂੰ ਉਸਨੇ ਹਮੇਸ਼ਾ ਅੱਗੇ ਹੋ ਕੇ ਨਿਭਾਇਆ ਹੈ ਤੇ ਭਵਿੱਖ ਵਿਚ ਵੀ ਨਿਭਾਉਂਦੀ ਰਹੇਗੀ। ਉਹਨਾਂ ਕਿਹਾ ਕਿ ਪੰਥਕ ਮਰਿਆਦਾ ਘਾਣ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾ ਸਕਦਾ ਤੇ ਨਾ ਹੀ ਜਾਵੇਗਾ। ਉਹਨਾਂ ਕਿਹਾ ਕਿ ਅਸੀਂ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਕ ਹੀ ਮਾਮਲੇ ਵਿਚ ਅੱਗੇ ਦੀ ਕਾਰਵਾਈ ਕਰਾਂਗੇ। ਉਹਨਾਂ ਨੇ ਸੰਗਤਾਂ ਨੂੰ ਮਾਮਲੇ ਵਿਚ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਵੀ ਕੀਤੀ ਹੈ।



## ਅਰਦਾਸ ਨਾਲ ਛੇੜਖਾਣੀ ਕਰਣ ਵਾਲੇ ਸੰਬੰਧਿਤ ਲੋਕਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਪੰਥ ਦੀ ਰਵਾਇਤ ਅਨੁਸਾਰ ਕਾਰਵਾਈ ਦੀ ਮੰਗ: ਸਰਨਾ

ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਸਮੁੱਚੇ ਖ਼ਾਲਸਾ ਪੰਥ ਨੂੰ ਏਕਤਾ ਦੇ ਸੂਤਰ ਵਿੱਚ ਪ੍ਰੋਣ ਲਈ ਬਹੁਤ ਲੰਮੀ ਵਿਚਾਰ ਚਰਚਾ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥ ਪ੍ਰਵਾਣਿਤ ਰਹਿਤ ਮਰਿਯਾਦਾ ਤਿਆਰ ਕੀਤੀ ਗਈ ਸੀ ਤਾਂ ਕਿ ਸਮੁੱਚੀ ਕੌਮ ਨੂੰ ਸਾਂਝੀ ਅਗਵਾਈ, ਸਾਂਝੇ ਨਿਸ਼ਾਨ ਤੇ ਸਾਂਝੀ ਮਰਿਯਾਦਾ ਰਾਹੀ ਇਕ ਰੱਖਿਆ ਜਾ ਸਕੇ । ਪਰ ਜਿਸ ਤਰ੍ਹਾਂ ਕੱਲ੍ਹ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਇੰਦਰਲੋਕ ਦਿੱਲੀ ਵਿੱਚ ਉਸ ਬੰਦੇ ਵੱਲੋਂ ਅਰਦਾਸ ਨਾਲ ਛੇੜ ਛਾੜ ਕੀਤੀ ਗਈ ਜਿਸ ਤੋਂ ਕਦੇ ਇਹ ਆਸ ਨਹੀਂ ਸੀ ਕੀਤੀ ਜਾ ਸਕਦੀ ਕਿ ਉਹ ਆਪਣੀ ਨਿੱਜੀ ਮੱਤ ਮੁਤਾਬਿਕ ਪੰਥ ਪਰਵਾਨਿਤ ਅਰਦਾਸ ਨੂੰ ਬਦਲੇਗਾ । ਇਹ ਬਹੁਤ ਨਿੰਦਣਯੋਗ ਹੈ । ਗੁਰਬਾਣੀ ਦਾ ਕੀਰਤਨ, ਕਥਾ ਤੇ ਹੋਰ ਸਭ ਪ੍ਰਚਾਰ ਦੇ ਸਾਧਨ ਕੌਮ ਨੂੰ ਇਕ ਰੱਖਦੇ ਹੋਏ ਚੜਦੀ ਕਲਾ ਵੱਲ ਲੈ ਕੇ ਜਾਣ ਲਈ ਹਨ । ਪਰ ਜੇਕਰ ਅਸੀ ਇਸਦੀ ਬਜਾਏ ਤੋੜਨ ਵੱਲ ਤੁਰ ਪਈਏ ਤਾਂ ਇਸਤੋਂ ਮਾੜੀ ਗੱਲ ਕੀ ਹੋ ਸਕਦੀ ਹੈ । ਸਿੱਖ ਰਹਿਤ ਮਰਿਯਾਦਾ ਸਿੱਖੀ ਦੇ ਮੂਲ ਅਧਾਰਾਂ ਵਿੱਚੋਂ ਹੈ ਤੇ ਅਰਦਾਸ ਗੁਰੂ ਨਾਲ ਜੁੜਨ ਦੀ ਤੰਦ ਹੈ । ਅਰਦਾਸ ਨਾਲ ਛੇੜ ਛਾੜ ਸਿੱਖ ਨੂੰ ਗੁਰੂ ਨਾਲੋਂ ਤੋੜਨ ਦਾ ਯਤਨ ਹੈ । ਇਸ ਲਈ ਇਹ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ । ਇਸਦੇ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਐਕਸ਼ਨ ਲੈਂਦੇ ਹੋਏ ਪ੍ਰਬੰਧਕਾਂ ਤੇ ਸੰਬੰਧਿਤ ਲੋਕਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਪੰਥ ਦੀ ਰਵਾਇਤ ਅਨੁਸਾਰ ਕਾਰਵਾਈ ਕਰਨੀ ਚਾਹੀਦੀ ਹੈ ।



-ਮਨਪ੍ਰੀਤ ਸਿੰਘ ਖਾਲਸਾ

## ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣ ਲਈ ਲੁਧਿਆਣਾ ਦੇ ਨਸ਼ਾ ਤਸਕਰ ਪਤੀ ਪਤਨੀ ਨੂੰ ਗ੍ਰਿਫ਼ਤਾਰ ਕਰ ਮਕਾਨ ਤੇ ਬਿਲਡੋਜ਼ਰ ਚਲਾਉਣਾ ਸ਼ਲਾਘਾਯੋਗ ਕਾਰਵਾਈ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 28 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਪੰਜਾਬ’ਚ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕਈ ਵਾਅਦੇ ਕੀਤੇ ਜੋ ਪੂਰੇ ਨਹੀਂ ਹੋਏ,ਜਿੰਨਾ ਵਿੱਚੋ ਨਸ਼ਿਆਂ ਦੇ ਤਸਕਰਾਂ ਨੂੰ ਠੱਲ੍ਹ ਪਾਉਣ ਦੇ ਨਾਲ ਨਾਲ ਪੰਜਾਬ’ਚ ਨਸ਼ਾ ਬੰਦ ਕਰਕੇ ਲੋਕਾਂ ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਅਹਿਮ ਵਾਅਦਾ ਕੀਤਾ ਸੀ, ਸਰਕਾਰ ਢਾਈ ਸਾਲ ਤੱਕ ਆਪਣੇ ਵਾਅਦੇ ਮੁਤਾਬਕ ਨਸ਼ਿਆਂ ਦੀ ਲਾਹਨਤ ਨੂੰ ਖਤਮ ਕਰਨ ਲਈ ਬੁਰੀ ਤਰ੍ਹਾਂ ਅਸਫਲ ਸਿੱਧ ਹੋਈ, ਇਸ ਅਸਫਲੀ ਕਾਰਨ ਪੰਜਾਬ ਦੇ ਲੋਕਾਂ ਵਿੱਚ ਵੱਡਾ ਰੋਸ ਪਾਇਆ ਜਾ ਰਿਹਾ ਸੀ ਅਤੇ ਆਪ ਪਾਰਟੀ ਦੀ ਦਿੱਲੀ ਵਿਖੇ ਕਰਾਰੀ ਹਾਰ ਤੋਂ ਬਾਅਦ ਭਗਵੰਤ ਮਾਨ ਸਰਕਾਰ ਨੇ ਹੁਣ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣ ਲਈ ਮਨ ਬਣਾ ਲਿਆ ਹੈ ਅਤੇ ਇਸ ਦੀ ਸ਼ੁਰੂਆਤ ਕਰਦਿਆਂ ਉਨ੍ਹਾਂ ਨੇ ਅੱਜ ਲੁਧਿਆਣਾ ਦੇ ਤਸਕਰ ਪਤੀ ਪਤਨੀ ਨੂੰ ਜਿਥੇ ਗ੍ਰਿਫਤਾਰ ਕੀਤਾ ,ਉਥੇ ਉਹਨਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਇਮਾਰਤ ਬਿਲਡੋਲਜਰਾ ਨਾਲ ਵੀ ਢਹਿ ਢੇਰੀ ਕਰ ਦਿੱਤੀ,ਪੰਜਾਬ ਦੇ ਨਸ਼ਾ ਤਸਕਰਾਂ ਤੋਂ ਦੁਖੀ ਲੋਕਾਂ ਵੱਲੋਂ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਕੀਤੀ ਕਾਰਵਾਈ ਦੀ ਜ਼ੋਰਦਾਰ ਸ਼ਬਦਾਂ’ਚ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਇਸ ਕਾਰਵਾਈ ਨੂੰ ਸਮੇਂ ਦੀ ਲੋੜ ਤੇ ਲੋਕਾਂ ਦੀ ਮੰਗ ਵਾਲਾ ਵਧੀਆ ਤੇ ਸ਼ਲਾਘਾਯੋਗ ਫੈਸਲਾ ਮੰਨਿਆ ਜਾ ਰਿਹਾ ਹੈ,ਬਹੁਤ ਸਾਰੇ ਧਾਰਮਿਕ, ਸਿਆਸੀ,ਆਮ ਲੋਕਾਂ ਦੇ ਨਾਲ ਨਾਲ ਮੂਲਮੰਤ੍ਰ ਗਰੁੱਪ ਦੇ ਹਜ਼ਾਰਾਂ ਨੌਜਵਾਨ ਆਗੂਆਂ ਨੇ ਨੌਜਵਾਨ ਆਗੂ ਤੇਜਸਵੀਰ ਸਿੰਘ ਰਾਜਪੁਰਾ ਦੀ ਅਗਵਾਈ ਹੇਠ ਮੁੱਖ ਮੰਤਰੀ ਦੀ ਇਸ ਕਾਰਵਾਈ ਦੀ ਜ਼ੋਰਦਾਰ ਸ਼ਬਦਾਂ’ਚ ਸ਼ਲਾਘਾ ਕੀਤੀ ਹੈ ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਕੀਤੀ ਵੱਡੀ ਕਾਰਵਾਈ’ਚ ਲੁਧਿਆਣਾ ਵਿਖੇ ਨਸ਼ਾ ਤਸਕਰਾਂ ਪਤਨੀ ਨੂੰ ਗ੍ਰਿਫ਼ਤਾਰ ਅਤੇ ਨਸ਼ਿਆਂ ਦੇ ਵਪਾਰ ਨਾਲ ਬਣਾਏ ਮਕਾਨ ਨੂੰ ਬੁਲਡੋਜ਼ਰ ਨਾਲ ਢਾਹ ਦੀ ਸ਼ਲਾਘਾ ਕਰਦੀ ਹੋਈ ਮੰਗ ਕਰਦੀ ਹੈ ਇਸ ਨਸ਼ਾ ਵਿਰੋਧੀ ਚਲਾਈ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਉਨ੍ਹਾਂ ਸਾਰੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕਰਕੇ ਜ਼ੇਲ੍ਹਾਂ’ਚ ਸੁੱਟਿਆ ਜਾਵੇ ਤਾਂ ਹੀ ਨਿੱਤ ਦਿਨ ਪੰਜਾਬ’ਚ ਨਸ਼ਿਆਂ ਦੀ ਭੇਟ ਚੜ੍ਹ ਰਹੀ ਨੌਜਵਾਨੀ ਨੂੰ ਬਚਾਇਆ ਜਾ ਸਕਦਾ ਹੈ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਪੂਰੇ ਕੀਤੇ ਜਾ ਸਕਦੇ ਹਨ , ਭਾਈ ਖਾਲਸਾ ਨੇ ਦੱਸਿਆ ਇਸ ਮੁਹਿੰਮ ਨਾਲ ਜਿੱਥੇ ਭਗਵੰਤ ਮਾਨ ਵੱਲੋਂ ਪੰਜਾਬ ਦੇ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤਾ ਵਾਹਦਾ ਪੂਰਾ ਕੀਤਾ ਜਾ ਸਕਦਾ ਹੈ ਅਤੇ ਦੇਸ਼ ਦਾ ਭਵਿੱਖ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਇਆ ਜਾ ਸਕਦਾ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮੁੱਖ ਮੰਤਰੀ ਸ੍ਰ ਭਗਵੰਤ ਮਾਨ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਦੀ ਜ਼ੋਰਦਾਰ ਸ਼ਬਦਾਂ’ਚ ਹਮਾਇਤ ਸ਼ਲਾਘਾ ਕਰਦੀ ਹੋਈ ਮੰਗ ਕਰਦੀ ਹੈ ਕਿ ਇਸ ਮੁਹਿੰਮ ਨੂੰ ਲਗਾਤਾਰ ਜਾਰੀ ਰੱਖ ਕੇ ਵੱਡੇ ਵੱਡੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾਣ ਤੇ ਉਹਨਾਂ ਨੂੰ ਜੇਲ੍ਹ ਵਿੱਚ ਸੁੱਟਿਆ ਜਾਵੇ ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਤੇ ਰਛਪਾਲ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਆਦਿ ਆਗੂ ਹਾਜਰ ਸਨ ।

## ਸਿਹਤ ਵਿਭਾਗ ਨੇ ਇਮੁਨਾਈਜੇਸ਼ਨ ਸੰਬਧੀ ਜ਼ਿਲ੍ਹਾ ਪੱਧਰੀ ਟ੍ਰੇਨਿੰਗ ਦਾ ਕੀਤਾ ਆਯੋਜਨ




**ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠਾਂ ਜਿਲ੍ਹਾ ਪੱਧਰੀ ਰੁਟੀਨ ਇਮੁਨਾਈਜੇਸ਼ਨ ਸੰਬਧੀ ਜ਼ਿਲ੍ਹਾ ਪੱਧਰੀ ਵਰਕਸ਼ਾਪ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਦੌਰਾਣ ਜਿਲ੍ਹੇ ਭਰ ਦੇ ਏ.ਐਨ.ਐਮ, ਐਲ.ਐਚ. ਵੀ. ਅਤੇ ਪੈਰਾਮੈਡੀਕਲ ਸਟਾਫ ਵਲੋਂ ਸ਼ਿਰਕਤ ਕੀਤੀ ਗਈ। ਇਸ ਅਵਸਰ ਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਨੇ ਕਿਹਾ ਕਿ ਰੁਟੀਨ ਟੀਕਾਕਰਣ ਰਾਹੀਂ 12 ਮਾਰੂ ਬੀਮਾਰੀਆਂ ਤੋਂ ਬੱਚਿਆਂ ਨੂੰ ਸੁਰੱਖਿਅਤ ਕੀਤਾ ਜਾਂਦਾ ਹੈ। ਇਸ ਲਈ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਮੁਕੰਮਲ ਟੀਕਾਕਰਣ ਕਰਵਾ ਕੇ ਇਹਨਾਂ ਮਾਰੂ ਬੀਮਾਰੀਆਂ ਤੋਂ ਹਮੇਸ਼ਾਂ ਲਈ ਸੁਰੱਖਿਅਤ ਕਰਨ। ਇਸ ਤੋ ਇਲਾਵਾ ਯੂ ਵਿਨ ਐਪ ਤੇ ਬੱਚਿਆਂ ਦੇ ਟੀਕਾਕਰਣ (ਵੈਕਸੀਨੇਸ਼ਨ) ਦਾ ਸਾਰਾ ਡਾਟਾ ਅੱਪ ਲੋਡ ਕੀਤਾ ਜਾਂਦਾ ਹੈ, ਜਿਸ ਨਾਲ ਹਰੇਕ ਬੱਚੇ ਟੀਕਾਕਰਣ ਦਾ ਰਿਕਾਰਡ ਕਿਸੇ ਵੀ ਜਗ੍ਹਾ ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕਦਾ ਹੈ, ਜਿਸ ਨਾਲ ਟੀਕਾਕਰਣ ਵਿਚ ਆਸਾਨੀ ਹੋ ਸਕੇਗੀ। ਇਸ ਦੀ ਮਦਦ ਨਾਲ ਹੁਣ ਵੈਕਸੀਨੇਸ਼ਨ ਸਰਟੀਫਿਕੇਟ ਵੀ ਪ੍ਰਿੰਟ ਕੀਤੇ ਜਾ ਸਕਣਗੇ। ਇਸ ਅਵਸਰ ਤੇ ਵਿਸ਼ਵ ਸਿਹਤ ਸੰਸਥਾ ਵਲੋਂ ਡਾ ਇਸ਼ਿਤਾ ਵਲੋਂ ਇਸ ਸੰਬਧੀ ਬੜੇ ਵਿਸ਼ਥਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ , ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਰਾਘਵ ਗੁਪਤਾ, ਡਾ ਵਿਨੀਤ, ਡਾ ਜਸਕਰਨ ਜੋਤ ਕੌਰ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸੀ।

# ਪੰਥਕ ਏਕਤਾ ਲਈ ਡੋਰ ਦੂ ਡੋਰ ਜਾਣਾ ਸੁਭਾਗ ਵੀ ਹੈ ਤੇ ਫਰਜ ਵੀ ਹੈ










ਪੰਥਕ ਏਕਤਾ ਲਈ ਡੋਰ ਟੂ ਡੋਰ ਜਾਣਾ ਸੁਭਾਗ ਵੀ ਹੈ ਤੇ ਫਰਜ ਵੀ ਹੈ। ਹਰੇਕ ਗੁਰੂ ਪੰਥ ਦਰਦੀ ਆਪਣੇ -ਆਪਣੇ ਇਲਾਕੇ ਚ ਇਸ ਮੁਹਿੰਮ ਦਾ ਹਿੱਸਾ ਬਣੇ। ਆਓ-ਰਲਮਿਲ ਪੰਥ ਰੁਸ਼ਨਾਈਏ,ਹੈ ਇੰਨ ਮੇ ਇਤਫਾਕ ਮਹਾਨ, ਸਿੱਖ ਸਿੱਖ ਪੇ ਵਾਰਤ ਜਾਨ ਦਾ ਸਬੂਤ ਦੇਈਏ। ਪੰਥਕ ਏਕਤਾ ਲਈ ਵੱਖ-ਵੱਖ ਇਕੱਤਰਤਾਵਾਂ।

**ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਸ੍ਰੋਮਣੀ ਅਕਾਲੀ ਦਲ ਫਤਿਹ,ਬਾਬਾ ਗੁਰਪ੍ਰੀਤ ਸਿੰਘ ਜੀ ਫਤਹਿਗੜ੍ਹ ਸਾਹਿਬ ਪੰਥਕ ਅਕਾਲੀ ਲਹਿਰ,ਭਾਈ ਦਲਜੀਤ ਸਿੰਘ ਜੀ ਬਿੱਟੂ, ਭਾਈ ਸੁਖਦੇਵ ਸਿੰਘ ਫਗਵਾੜਾ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਅੰਤਿਮ ਅਰਦਾਸ ਅਤੇ ਭੋਗ



ਆਵਾਜ਼ਿ ਕੌਮ AWAZE QAUM International Newspaper & WEB TV

## ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ

ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ ਦੀ ਅੰਤਿਮ ਅਰਦਾਸ ਅਤੇ ਭੋਗ ਅੱਜ 1 ਮਾਰਚ 2025 ਦਿਨ ਸ਼ਨੀਵਾਰ ਨੂੰ ਨਜ਼ਦੀਕ ਮਹਿਤਾ ਚੌਕ, ਅੰਮ੍ਰਿਤਸਰ ਰੋਡ, ਸੂਰੋ ਪੱਡਾ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ।

--★ ਦੁਖੀ ਹਿਰਦੇ ਨਾਲ ★--

# ਪੱਡਾ ਪਰਿਵਾਰ

-- : ਜਾਰੀ ਕਰਤਾ :--

ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ

ਬੇਟੀ ਦੇ ਆਸਟ੍ਰੇਲੀਆ ਅੰਡਰ 19 ਵਰਲਡ ਕ੍ਰਿਕਟ ਕੱਪ ਦੀ ਉੱਪ ਕਪਤਾਨ ਚੁਣੇ ਜਾਣ 'ਤੇ

# ਪਿਤਾ ਨੇ ਖੁਸ਼ੀ 'ਚ ਲੋੜਵੰਦਾਂ ਨੂੰ ਵੰਡੀਆਂ ਸਲਾਈ ਮਸ਼ੀਨਾਂ







**ਚੌਂਕ ਮਹਿਤਾ, 28 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸ੍ਰੀ ਗੁਰੂ ਅਮਰਦਾਸ ਜੀ ਦੀ ਪਾਵਨ ਚਰਨ ਛੋਹ ਪ੍ਰਾਪਤ ਇਤਿਹਾਸਕ ਪਿੰਡ ਬਾਸਰਕੇ ਗਿੱਲ੍ਹਾ ਵਿੱਖੇ ਸਵ: ਸ. ਹਰਦਿਆਲ ਸਿੰਘ ਜੀ ਦੀ ਮਿੱਠੀ ਯਾਦ ਵਿਚ ਗੁਰਦੁਆਰਾ ਜਨਮ ਅਸਥਾਨ ਬਾਸਰਕੇ ਗਿੱਲ੍ਹਾ ਵਿੱਖੇ ਉਨ੍ਹਾਂ ਦੇ ਸਪੁੱਤਰ ਗੁਰਪ੍ਰੀਤ ਸਿੰਘ ਗਿੱਲ ਬਾਸਰਕੇ ਵੱਲੋਂ 100 ਬੋਰੀਆ ਸੀਮੈਂਟ ਭੇਂਟ ਕੀਤਾ ਗਿਆ। ਇਸ ਤੋਂ ਇਲਾਵਾ ਗੁਰਪ੍ਰੀਤ ਸਿੰਘ ਗਿੱਲ ਬਾਸਰਕੇ ਵੱਲੋਂ ਆਪਣੀ ਹੋਣਹਾਰ ਬੇਟੀ ਹਸਰਤ ਗਿੱਲ ਦੇ ਆਸਟ੍ਰੇਲੀਆ ਵਿਚ ਅੰਡਰ 19 ਵਰਲਡ ਕ੍ਰਿਕਟ ਕੱਪ ਦੀ ਉੱਪ ਕਪਤਾਨ ਚੁਣੇ ਜਾਣ ਦੀ ਖੁਸ਼ੀ ਵਿਚ ਲੋੜਵੰਦਾਂ ਨੂੰ ਸਲਾਈ ਮਸ਼ੀਨਾਂ ਵੰਡੀਆ ਗਈਆ। ਇਸ ਮੌਕੇ ਸਰਪੰਚ ਸਕੱਤਰ ਸਿੰਘ ਬਾਸਰਕੇ ਅਤੇ ਹੋਰ ਪਿੰਡ ਵਾਸੀਆਂ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਗੁਰੂ ਕੀ ਨਗਰੀ ਪਿੰਡ ਬਾਸਰਕੇ ਗਿੱਲ੍ਹਾ ਜ਼ਿਲ੍ਹਾ ਅੰਮ੍ਰਿਤਸਰ ਦੀ ਹੋਣਹਾਰ ਧੀ ਹਸਰਤ ਗਿੱਲ ਦੇ ਆਸਟ੍ਰੇਲੀਆ ਵਿਚ ਅੰਡਰ 19 ਵਰਲਡ ਕ੍ਰਿਕਟ ਕੱਪ ਦੀ ਉੱਪ ਕਪਤਾਨ ਚੁਣੇ ਜਾਣ 'ਤੇ ਜਿੱਥੇ ਇਲਾਕੇ ਭਰ ਵਿਚ ਬੇਹੱਦ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਉੱਥੇ ਹੀ ਹਸਰਤ ਗਿੱਲ ਨੇ ਪੂਰੇ ਵਿਸ਼ਵ 'ਚ ਆਪਣੇ ਮਾਪਿਆ ਅਤੇ ਪਿੰਡ ਦਾ ਨਾਮ ਰੋਸ਼ਨ ਕਰਕੇ ਨਾਮਣਾ ਖੱਟਿਆ ਹੈ। ਹਸਰਤ ਗਿੱਲ ਦੇ ਉੱਪ ਕਪਤਾਨ ਚੁੱਣੇ ਜਾਣ ਦੀ ਖੁਸ਼ੀ ਵਿਚ ਪਿਤਾ ਗੁਰਪ੍ਰੀਤ ਸਿੰਘ ਗਿੱਲ ਬਾਸਰਕੇ ਦੇ ਘਰ ਜਿੱਥੇ ਵਿਆਹ ਵਰਗਾ ਮਾਹੌਲ ਪਾਇਆ ਜਾ ਰਿਹਾ ਹੈ, ਉੱਥੇ ਹੀ ਇਲਾਕਾ ਨਿਵਾਸੀਆਂ, ਸਾਕ-ਸਬੰਧੀਆਂ, ਯਾਰਾਂ-ਦੋਸਤਾਂ ਅਤੇ ਸੁਨੇਹੀਆਂ ਵੱਲੋਂ ਪਰਿਵਾਰ ਨੂੰ ਵਧਾਈਆ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਤਰਲੋਚਨ ਸਿੰਘ ਪੱਪੂ ਭਲਵਾਨ, ਕਿਸਾਨ ਆਗੂ ਜਸਪਾਲ ਸਿੰਘ, ਸਰਪੰਚ ਸਕੱਤਰ ਸਿੰਘ ਬਾਸਰਕੇ, ਜਸਵਿੰਦਰ ਸਿੰਘ ਬਾਵਾ ਸੀਨੀਅਰ ਫੋਟੋ ਗ੍ਰਾਫਰ ਪੰਜਾਬ ਸਰਕਾਰ, ਸੁਖਵਿੰਦਰ ਸਿੰਘ ਸੋਨੂੰ ਖਹਿਰਾ, ਮੈਂਬਰ ਪੰਚਾਇਤ ਸਤਪਾਲ ਸਿੰਘ, ਮਹਿਰ ਸਿੰਘ, ਉਂਕਾਰ ਸਿੰਘ, ਬਲਵਿੰਦਰ ਸਿੰਘ, ਦੀਦਾਰ ਸਿੰਘ, ਅਕਾਸ਼ ਬਰਾੜ, ਬਲਦੇਵ ਅਮਰੋਹੀ, ਅਜੇ ਕੁਮਾਰ ਆਦਿ ਹਾਜ਼ਰ ਸਨ।

☛ ਪੁੱਤਰ ਨੇ ਪਿਤਾ ਦੀ ਯਾਦ 'ਚ ਗੁਰੂ ਘਰ ਭੇਂਟ ਕੀਤੀਆਂ 100 ਬੋਰੀਆਂ ਸੀਮੈਂਟ
☛ ਗੁਰਪ੍ਰੀਤ ਸਿੰਘ ਗਿੱਲ ਬਾਸਰਕੇ ਦੇ ਘਰ ਲੱਗਾ ਵਧਾਈ ਦੇਣ ਵਾਲਿਆਂ ਦਾ ਤਾਂਤਾਂ

ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਧੂਰੀ ਹਲਕੇ ਦੇ ਡੇਢ ਦਰਜਨ ਦੇ ਕਰੀਬ

# ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ



**ਮੂਲੋਵਾਲ/ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਧਾਨ ਸਭਾ ਹਲਕਾ ਧੂਰੀ ਅਧੀਨ ਆਉਂਦੇ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੇ ਪਿੰਡਾਂ ਵਿੱਚ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੜਾਅਵਾਰ ਸਮੀਖਿਆ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਅੱਜ ਪਿੰਡ ਮੂਲੋਵਾਲ ਵਿਖੇ ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਸੁੱਖੀ ਦੀ ਪ੍ਰਧਾਨਗੀ ਹੇਠ ਡੇਢ ਦਰਜਨ ਦੇ ਕਰੀਬ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਵਿਸਤ੍ਰਿਤ ਸਮੀਖਿਆ ਮੀਟਿੰਗ ਹੋਈ ਜਿਸ ਵਿੱਚ ਪੰਜਾਬ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ ਪਾਪੜਾ, ਐਸ.ਡੀ.ਐਮ ਵਿਕਾਸ ਹੀਰਾ, ਐਸ.ਪੀ ਮਨਦੀਪ ਸਿੰਘ ਸਮੇਤ ਹੋਰ ਪ੍ਰਸ਼ਾਸਨਿਕ ਅਤੇ ਰਾਜਸੀ ਸ਼ਖਸ਼ੀਅਤਾਂ ਦੇ ਨਾਲ ਨਾਲ ਵੱਖ-ਵੱਖ ਗ੍ਰਾਮ ਪੰਚਾਇਤਾਂ ਦੇ ਸਰਪੰਚ ਤੇ ਮੈਂਬਰ ਸ਼ਾਮਿਲ ਹੋਏ ਅਤੇ ਪਿਛਲੇ ਮਹੀਨਿਆਂ ਦੌਰਾਨ ਮੁਕੰਮਲ ਹੋਏ ਵਿਕਾਸ ਕੰਮਾਂ ਅਤੇ ਮੌਜੂਦਾ ਕਾਰਜਾਂ ਦੀ ਪ੍ਰਗਤੀ ਬਾਰੇ ਵਿਸਥਾਰ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਓ.ਐਸ.ਡੀ ਸੁਖਵੀਰ ਸਿੰਘ ਸੁੱਖੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਨਾਲੋ ਨਾਲ ਨਿਪਟਾਰਾ ਕਰਨ ਵਿੱਚ ਪੂਰੀ ਦਿਲਚਸਪੀ ਦਿਖਾਈ ਜਾਵੇ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਜਮੀਨੀ ਪੱਧਰ ਉੱਤੇ ਪਹੁੰਚਾਉਣ ਲਈ ਜਾਗਰੂਕਤਾ ਅਭਿਆਨ ਜਾਰੀ ਰੱਖਿਆ ਜਾਵੇ। ਉਹਨਾਂ ਦੱਸਿਆ ਕਿ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਵੀ ਕਮੀ ਨਹੀਂ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਧੂਰੀ ਦੇ ਸ਼ਹਿਰੀ ਅਤੇ ਦਿਹਾਤੀ ਖੇਤਰਾਂ ਵਿੱਚ ਇਨੀ ਦਿਨੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਰੋਜ਼ਾਨਾ ਦੇ ਆਧਾਰ 'ਤੇ ਇਹਨਾਂ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਮੀਟਿੰਗ ਦੌਰਾਨ ਮੌਜੂਦ ਵਿਭਾਗੀ ਅਧਿਕਾਰੀਆਂ ਅਤੇ ਕਾਰਜਕਾਰੀ ਏਜੰਸੀਆਂ ਤੋਂ ਵਿਕਾਸ ਕੰਮਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ ਅਤੇ ਨਿਰਧਾਰਿਤ ਸਮਾਂ ਸੀਮਾ ਮੁਤਾਬਕ ਵਿਕਾਸ ਕੰਮ ਨੇਪਰੇ ਚੜਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਆਪ ਆਗੂ ਜਸਵੀਰ ਸਿੰਘ ਜੱਸੀ ਸੇਖੋਂ, ਆਪ ਆਗੂ ਪੁੰਨੂੰ ਕਾਤਰੋਂ ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਬਸੰਤ ਕੁਮਾਰ ਕਾਂਝਲਾ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਰਾਜੂ ਰੰਗੀਆ, ਸੁਖਪਾਲ ਸਿੰਘ ਪਾਲਾ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਰਾਮ ਜੀ, ਚੇਅਰਮੈਨ ਅਮਰੀਕ ਸਿੰਘ ਸੋਹੀ, ਐਡਵੋਕੇਟ ਹੈਪੀ ਗੋਇਲ, ਸੰਦੀਪ ਤਾਇਲ ਪੱਪੂ ਜੌਲੀ, ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਨਪਿੰਦਰ ਸਿੰਘ ਕਾਂਝਲਾ, ਬੂਟਾ ਸੁਲਤਾਨਪੁਰ, ਸਰਪੰਚ ਕੁਲਦੀਪ ਸਿੰਘ ,ਸਰਪੰਚ ਹਰਜੀਤ ਸਿੰਘ ਬੁਗਰਾ ,ਆਪ ਆਗੂ ਭਿੰਦਾ ਵਿਰਕ, ਮਾਣਾ ਗਰੇਵਾਲ, ਭੋਲਾ ਅਲਾਲ ਆਦਿ ਆਗੂ ਹਾਜ਼ਰ ਸਨ।

## ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਨਾਲੋਂ ਨਾਲ ਨਿਪਟਾਰਾ ਯਕੀਨੀ ਬਣਾਉਣ ਅਧਿਕਾਰੀ : ਸੁਖਵੀਰ ਸਿੰਘ ਸੁੱਖੀ

# ਤਖ਼ਤਾ ਦੇ ਜਥੇਦਾਰ ਸਾਹਿਬਾਨ ਧਾਮੀ ਪ੍ਰਧਾਨ ਨੂੰ ਮਨਾਉਣ ਦੀ ਜਗ੍ਹਾ ਤਖ਼ਤਾ ਦੇ ਹੁਕਮਾਂ ਤੋਂ ਬਾਗੀ ਬਾਦਲਕਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਲੋੜ ਤੇ ਜ਼ੋਰ ਦੇਣ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ) ਅੱਜ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਜੀ ਤੇ ਹੋਰਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਮਨਾਉਣ ਉਹਨਾਂ ਦੀ ਰਹਾਇਸ਼ ਹੁਸ਼ਿਆਰਪੁਰ ਵਿਖੇ ਅਸਤੀਫਾ ਵਾਪਸ ਲੈਣ ਦੀ ਅਪੀਲ ਕਰਨੀ ਕੌਮ ਲਈ ਮੰਦਭਾਗਾ ਦਿਨਾਂ ਦੀ ਸ਼ੁਰੂਆਤ ਕਹੀ ਜਾ ਰਹੀ ਹੈ

## ਵਿਚਾਰ ਆਪੋ-ਆਪਣਾ

ਕਿਉਂਕਿ ਧਾਮੀ ਨੇ ਆਪਣਾ ਅਸਤੀਫਾ ਬਾਦਲਕਿਆਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋ ਕੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਢਾਹ ਲਾਉਣ ਵਿਰੁੱਧ ਦਿੱਤਾ ਸੀ ਅਤੇ ਹੁਣ ਜਦੋਂ ਬਾਦਲਕਿਆਂ ਨੂੰ ਖਤਰਾ ਮਹਿਸੂਸ ਹੋਇਆ ਤਾਂ ਸਭ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਕੁਝ ਘੜੰਮ ਚੌਧਰੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਮਨਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਉਨ੍ਹਾਂ ਕੋਰਾ ਜਵਾਬ ਦਿੱਤਾ ਅਤੇ ਹੁਣ ਬਾਦਲਕਿਆਂ ਨੂੰ ਬਚਾਉਣ ਖਾਤਰ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ, ਜਥੇਦਾਰ ਗਿਆਨੀ ਸੁਲਤਾਨ ਸਿੰਘ ਜੀ ਧਾਮੀ ਨੂੰ ਅਸਤੀਫਾ ਲੈਣ ਲਈ ਉਹਨਾਂ ਦੀ ਰਹਾਇਸ਼ ਤੇ ਪਹੁੰਚੇ ਜਿਸ ਦਾ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਤਿਖਾ ਵਿਰੋਧ ਕੀਤਾ ਰਿਹਾ ਹੈ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਆਪਣੀ ਕੁਰਸੀ ਬਚਾਉਣ ਖਾਤਰ ਬਾਦਲ ਦੀ ਹਮਾਇਤ'ਚ ਧਾਮੀ ਨੂੰ ਮਨਾਉਣ ਪਹੁੰਚੇ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਥੇਦਾਰ ਸਾਹਿਬਾਨਾਂ ਦੀ ਬਾਦਲਾਂ ਤੋਂ ਨੂੰ ਬਚਾਉਣ ਲਈ ਧਾਮੀ ਨੂੰ ਮਨਾਉਣ ਦੀ ਕੋਸ਼ਿਸ਼ ਦੀ ਨਿੰਦਾ ਕਰਦੀ ਹੋਈ ਮੰਗ ਕਰਦੀ ਹੈ ਕਿ ਜਥੇਦਾਰ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਬਾਦਲਾਂ ਨੂੰ ਬਚਾਉਣਾ ਛੱਡ ਕੇ ਕੌਮ ਦੇ ਭਲੇ ਅਤੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਮੁੱਖ ਰੱਖਦਿਆਂ ਬਾਦਲਾਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਦੇ ਦੋਸ਼ਾਂ ਦੀ ਵੱਡੀ ਕਾਰਵਾਈ ਕਰਨ ਦੀ ਲੋੜ ਤੇ ਜ਼ੋਰ ਦੇਣ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਅੱਜ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਜੀ ਵੱਲੋਂ ਅਸਤੀਫ਼ਾ ਦੇ ਚੁੱਕੇ ਭਾਈ ਧਾਮੀ ਨੂੰ ਮਨਾਉਣ ਪਹੁੰਚਣ ਦੀ ਨਿਖੇਦੀ ਅਤੇ ਬਾਦਲਾਂ ਵਿਰੁੱਧ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਦੇ ਦੋਸ਼ਾਂ ਦੀ ਸਖ਼ਤ ਕਾਰਵਾਈ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ

# ਮੈਡਮ ਪਰਮਜੀਤ ਕੌਰ ਨੂੰ ਸੇਵਾ ਮੁਕਤ ਹੋਣ ਤੇ ਦਿੱਤੀ ਵਿਦਾਇਗੀ ਪਾਰਟੀ




**ਚੌਂਕ ਮਹਿਤਾ, 28 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸਰਕਾਰੀ ਐਲੀਮੈਂਟਰੀ ਸਕੂਲ ਸੈਦੋਲੇਹਲ (ਅੰਮ੍ਰਿਤਸਰ) ਤੋਂ ਮੈਡਮ ਪਰਮਜੀਤ ਕੌਰ ( ਈਟੀਟੀ) ਨੂੰ ਸੇਵਾ ਮੁਕਤ ਹੋਣ ਤੇ ਰਣਜੀਤ ਸਿੰਘ ਬੀਈਈਓ ਤਰਸਿੱਕਾ ਅਤੇ ਸੈਂਟਰ ਹੈੱਡ ਟੀਚਰ ਹਰਜਿੰਦਰ ਕੌਰ ਦੀ ਅਗਵਾਈ ਹੇਠ ਮੈਡਮ ਪਰਮਜੀਤ ਕੌਰ (ਈਟੀਟੀ) ਨੂੰ ਸਰਕਾਰੀ ਐਲੀਮੈਂਟਰੀ ਸਕੂਲ ਸੈਦੋਲੇਹਲ ਵਿਖੇ ਵਿਦਾਇਗੀ ਪਾਰਟੀ ਦਿੱਤੀ ਗਈ। ਜਿਸ ਵਿੱਚ ਰਣਜੀਤ ਸਿੰਘ ਬੀਈਈਓ ਤਰਸਿੱਕਾ ਨੇ ਬੋਲਦਿਆਂ ਕਿਹਾ ਕਿ ਮੈਡਮ ਪਰਮਜੀਤ ਕੌਰ ਬਹੁਤ ਹੀ ਵਧੀਆ ਤੇ ਮਿੱਠ ਬੋਲੜੇ ਸੁਭਾਅ ਦੇ ਮਾਲਕ ਹਨ, ਜਿੰਨ੍ਹਾਂ ਨੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਈ ਹੈ। ਇਸ ਮੌਕੇ ਸਮੂਹ ਟੀਚਰਾਂ ਵਲੋਂ ਮੈਡਮ ਪਰਮਜੀਤ ਕੌਰ ਨੂੰ ਸੇਵਾ ਮੁਕਤ ਹੋਣ ਤੇ ਵਧਾਈ ਦਿੱਤੀ ਅਤੇ ਗਿਫ਼ਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਬੀਈਈਓ ਤਰਸਿੱਕਾ, ਸੈਂਟਰ ਹੈੱਡ ਟੀਚਰ ਹਰਜਿੰਦਰ ਕੌਰ, ਹੈੱਡ ਟੀਚਰ ਰਾਜਵਿੰਦਰ ਕੌਰ, ਸਾਥੀ ਅਧਿਆਪਕਾ ਮੈਡਮ ਜਸਦੀਪ ਕੌਰ, ਬਲਜਿੰਦਰ ਸਿੰਘ ਬਾਠ, ਗੁਰਪ੍ਰੀਤ ਸਿੰਘ ਸਿੱਧੂ, ਮੈਡਮ ਗੁਰਪ੍ਰੀਤ ਕੌਰ, ਸਰਬਜੀਤ ਸਿੰਘ ਰੰਧਾਵਾ, ਗੁਰਪ੍ਰੀਤ ਸਿੰਘ ਨਿੰਬਰਵਿੰਡ, ਸੰਦੀਪ ਕੁਮਾਰ, ਅਰਵਿੰਦਰ ਸਿੰਘ ਭਾਟੀਆ, ਜੋਬਨਪ੍ਰੀਤ ਸਿੰਘ, ਨਿਸ਼ਾਨ ਸਿੰਘ, ਅੰਮ੍ਰਿਤਪਾਲ ਪੰਨੂੰ, ਪ੍ਰਦੀਪ ਸਿੰਘ, ਸੁਖਜਿੰਦਰ ਸਿੰਘ ਪ੍ਰਧਾਨ ਅਤੇ ਸਮੂਹ ਸਟਾਫ ਤੇ ਵਿਦਿਆਰਥੀ ਆਦਿ ਹਾਜ਼ਰ ਸਨ।

# ਪੰਜਾਬ 'ਚ 24 ਟ੍ਰੈਵਲ ਏਜੰਟਾਂ ਵਿਰੁੱਧ ਸਖ਼ਤ ਕਾਰਵਾਈ, 7 ਗ੍ਰਿਫ਼ਤਾਰ

**ਚੰਡੀਗੜ੍ਹ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵੱਲੋਂ ਨੌਜਵਾਨਾਂ ਨੂੰ ਡਿਪੋਰਟ ਕੀਤੇ ਜਾਣ ਤੋਂ ਬਾਅਦ ਪੰਜਾਬ ਸਰਕਾਰ ਨੇ ਕਾਰਵਾਈ ਕਰਦਿਆਂ ਹੋਇਆਂ ਹੁਣ ਤੱਕ ਟ੍ਰੈਵਲ ਏਜੰਟਾਂ ਵਿਰੁੱਧ 24 ਮਾਮਲੇ ਦਰਜ ਕੀਤੇ ਹਨ। ਇਸ ਤੋਂ ਇਲਾਵਾ ਕੁੱਲ 7 ਟ੍ਰੈਵਲ ਏਜੰਟਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਦੇ ਐਨਆਰਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਮੀਡੀਆ ਨਾਲ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ- ਇਸ ਵੇਲੇ ਸਾਡੀਆਂ ਟੀਮਾਂ ਅਜੇ ਵੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਰਹੀਆਂ ਹਨ ਅਤੇ ਉਨ੍ਹਾਂ ਦੀ ਜਾਂਚ ਕਰ ਰਹੀਆਂ ਹਨ। ਜਲਦੀ ਹੀ ਇਸ ਮਾਮਲੇ ਵਿੱਚ ਹੋਰ ਗ੍ਰਿਫ਼ਤਾਰੀਆਂ ਕੀਤੀਆਂ ਜਾਣਗੀਆਂ। ਪੰਜਾਬ ਕੈਬਨਿਟ ਦੇ ਐਨਆਰਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੰਮ੍ਰਿਤਸਰ ਵਿੱਚ ਅਜਨਾਲਾ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੁਣ ਤੱਕ 1274 ਟ੍ਰੈਵਲ ਏਜੰਟਾਂ ਦੇ ਦਫਤਰਾਂ ਦਾ ਨਿਰੀਖਣ ਕੀਤਾ ਗਿਆ ਹੈ। 1123 ਲਾਇਸੈਂਸਾਂ ਦੀ ਵੀ ਜਾਂਚ ਕੀਤੀ ਗਈ ਹੈ।

ਸ਼ੱਕੀਆਂ ਤੋਂ ਵੀ ਪੁੱਛਗਿੱਛ ਕੀਤੀ ਗਈ ਅਤੇ ਕੁਝ ਦੇ ਰਿਕਾਰਡ ਵੀ ਜ਼ਬਤ ਕੀਤੇ ਗਏ। ਪੰਜਾਬ ਦੇ ਐਨਆਰਆਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕੇਂਦਰੀ ਕੈਬਨਿਟ ਮੰਤਰੀ ਮਨੋਹਰ ਲਾਲ ਖੱਟਰ ਵੱਲੋਂ ਅਮਰੀਕਾ ਤੋਂ ਕੱਢੇ ਗਏ ਭਾਰਤੀਆਂ ਸੰਬੰਧੀ ਜਾਰੀ ਕੀਤੇ ਬਿਆਨ ਦੀ ਸਖ਼ਤ ਨਿੰਦਾ ਕੀਤੀ ਹੈ। ਮੰਤਰੀ ਧਾਲੀਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਮਰੀਕਾ ਤੋਂ ਕੱਢੇ ਗਏ ਨੌਜਵਾਨਾਂ ਨੂੰ ਗਲੇ ਲਗਾਏਗੀ।

ਉਨ੍ਹਾਂ ਇਹ ਵੀ ਕਿਹਾ ਕਿ ਵਿਦੇਸ਼ ਮੰਤਰਾਲੇ ਨੂੰ ਇੱਕ ਪੱਤਰ ਲਿਖਿਆ ਗਿਆ ਹੈ ਜਿਸ ਵਿੱਚ ਇਹ ਜਾਣਕਾਰੀ ਮੰਗੀ ਗਈ ਹੈ ਕਿ ਅਮਰੀਕਾ ਤੋਂ ਕੱਢੇ ਜਾਣ ਤੋਂ ਬਾਅਦ ਪਨਾਮਾ ਵਿੱਚ ਕਿੰਨੇ ਭਾਰਤੀ ਰਹਿ ਰਹੇ ਹਨ ਅਤੇ ਉਨ੍ਹਾਂ ਵਿੱਚੋਂ ਕਿੰਨੇ ਪੰਜਾਬੀ ਹਨ। ਉਨ੍ਹਾਂ ਕਿਹਾ ਕਿ ਪਨਾਮਾ ਵਿੱਚ ਰਹਿਣ ਵਾਲੇ ਪੰਜਾਬੀਆਂ ਨੂੰ ਹਰ ਤਰ੍ਹਾਂ ਦੀ ਮਦਦ ਮੁਹੱਈਆ ਕਰਵਾਈ ਜਾਵੇਗੀ।